SWITCH INSURANCE
AUTO, HOME & COMMERCIAL
- Commercial Vehicle Insurance
- Commercial Property Insurance
- Commercial General Liability (CGL)
- Rental Property
905-965-7474
www.SwitchInsurance.ca
7900 Hurontario St Suite 308, Brampton, ON L6Y 0P6

ਕੈਨੇਡੀਅਨ
# ਪੰਜਾਬੀ ਪੋਸਟ
Award winning news paper | Canadian Punjabi Post

JOSHI LAW OFFICE
Barrister, Solicitor & Notary Public
- Immigration
- Real Estate
- Commercial Law
- Affidavit
- Power of Attorney
Rakesh M. Joshi B.A., LL.B
info@joshilawoffice.com | joshilawoffice.com
416-213-8600
6921 Steels Ave. W. Unit 11, Etobicoke, ON

To view our online newspaper visit punjabipost.ca/epaper | Vol 23* Issue 52 | Thursday, March 14, 2024 | Tel: 905-793-2202 | Fax: 905-793-2282 | news@punjabipost.ca | ਤੁਸੀਂ 'ਪੰਜਾਬੀ ਪੋਸਟ' Onlineਰੋਜ਼ਾਨਾ ਪੜ੍ਹ ਸਕਦੇ ਹੋ

## ਕਈ ਗੱਡੀਆਂ ਆਪਸ ਵਿਚ ਟਕਰਾਈਆਂ, 1 ਹਲਾਕ 3 ਜ਼ਖ਼ਮੀ



ਸਕਾਰਬਰੋ, 13 ਮਾਰਚ (ਪੋਸਟ ਬਿਊਰੋ) : ਬੁੱਧਵਾਰ ਸਵੇਰੇ ਸਕਾਰਬਰੋ ਵਿੱਚ ਕਈ ਗੱਡੀਆਂ ਦੇ ਆਪਸ ਵਿੱਚ ਟਕਰਾ ਜਾਣ ਕਾਰਨ ਇੱਕ ਵਿਅਕਤੀ ਦੀ ਮੌਤ ਹੋ ਗਈ ਜਦਕਿ ਤਿੰਨ ਹੋਰ ਜ਼ਖ਼ਮੀ ਹੋ ਗਏ। ਇਹ ਟੱਕਰ ਐਨੀ ਜ਼ਬਰਦਸਤ ਸੀ ਕਿ ਇੱਕ ਗੱਡੀ ਪਲਟ ਕੇ ਮੂਧੀ ਹੋ ਗਈ।

ਟੋਰਾਂਟੋ ਪੁਲਿਸ ਨੇ ਦੱਸਿਆ ਕਿ ਉਨ੍ਹਾਂ ਨੂੰ ਹਾਦਸੇ ਦੀ ਜਾਣਕਾਰੀ ਦੇ ਕੇ ਸਵੇਰੇ 6:30 ਵਜੇ ਦੇ ਨੇੜੇ ਤੇੜੇ ਹਾਈਵੇਅ 401 ਦੇ ਉੱਤਰ ਵੱਲ ਮਾਰਖਮ ਰੋਡ ਤੇ ਮਿਲਨਰ ਐਵਨਿਊ ਵਿੱਚ ਸੱਦਿਆ ਗਿਆ। ਪੁਲਿਸ ਅਨੁਸਾਰ ਹਾਦਸੇ ਵਿੱਚ ਪੰਜ ਗੱਡੀਆਂ ਸ਼ਾਮਲ ਸਨ। ਹਾਦਸੇ ਵਾਲੀ ਥਾਂ ਤੋਂ ਹਾਸਲ ਹੋਈਆਂ ਤਸਵੀਰਾਂ ਤੋਂ ਸਾਹਮਣੇ ਆਇਆ ਹੈ ਕਿ ਕਾਲੇ ਰੰਗ ਦੀ ਮਰਸਡੀਜ਼ ਐਸਯੂਵੀ ਇੰਟਰਸੈਕਸ਼ਨ ਨੇੜੇ ਆਪਣੀ ਛੱਤ ਭਾਰ ਪਈ ਹੋਈ ਸੀ ਤੇ ਘੱਟੋ ਘੱਟ ਦੋ ਹੋਰਨਾਂ ਗੱਡੀਆਂ ਦਾ ਮਲਬਾ ਇੰਟਰਸੈਕਸ਼ਨ ਉੱਤੇ ਖਿੱਲਰਿਆ ਪਿਆ ਸੀ।

ਟੋਰਾਂਟੋ ਫਾਇਰ ਦਾ ਕਹਿਣਾ ਹੈ ਕਿ ਹਾਦਸੇ ਤੋਂ ਬਾਅਦ ਤਿੰਨ ਵਿਅਕਤੀ ਗੱਡੀਆਂ ਵਿੱਚ ਹੀ ਫਸ ਗਏ। ਇਨ੍ਹਾਂ ਫਸੇ ਹੋਏ ਵਿਅਕਤੀਆਂ ਨੂੰ ਗੱਡੀਆਂ ਵਿੱਚੋਂ ਕੱਢਣ ਤੋਂ ਬਾਅਦ ਹਸਪਤਾਲ ਲਿਜਾਇਆ ਗਿਆ। ਪੈਰਾਮੈਡਿਕਸ ਨੇ ਦੱਸਿਆ ਕਿ ਚਾਰ ਪੁਰਸ਼ਾਂ ਨੂੰ ਹਸਪਤਾਲ ਲਿਜਾਇਆ ਗਿਆ, ਜਿਨ੍ਹਾਂ ਵਿੱਚੋਂ ਦੋ ਦੀ ਹਾਲਤ ਨਾਜ਼ੁਕ ਸੀ। ਬਾਕੀ ਦੋਵਾਂ ਨੂੰ ਮਾਮੂਲੀ ਸੱਟਾਂ ਲੱਗੀਆਂ। ਪੁਲਿਸ ਨੇ ਦੱਸਿਆ ਕਿ ਹਸਪਤਾਲ ਪਹੁੰਚਣ ਮਗਰੋਂ ਇੱਕ ਵਿਅਕਤੀ ਦੀ ਮੌਤ ਹੋ ਗਈ। ਹਾਦਸਾ ਕਿਵੇਂ ਵਾਪਰਿਆ ਇਸ ਬਾਰੇ ਅਜੇ ਤੱਕ ਕੋਈ ਜਾਣਕਾਰੀ ਹਾਸਲ ਨਹੀਂ ਹੋਈ ਹੈ।

## ਅਪ੍ਰੈਲ ਵਿਚ ਫੈਡਰਲ ਘੱਟ ਤੋਂ ਘੱਟ ਉਜਰਤਾਂ ਵਿਚ ਹੋਵੇਗਾ ਵਾਧਾ

ਓਨਟਾਰੀਓ, 13 ਮਾਰਚ (ਪੋਸਟ ਬਿਊਰੋ) : ਅਗਲੇ ਮਹੀਨੇ ਤੋਂ ਫੈਡਰਲ ਘੱਟ ਤੋਂ ਘੱਟ ਉਜਰਤਾਂ ਵਿੱਚ ਵਾਧਾ ਹੋਣ ਜਾ ਰਿਹਾ ਹੈ।

ਇਸ ਸਾਲ ਦੇ ਸ਼ੁਰੂ ਵਿੱਚ ਫੈਡਰਲ ਸਰਕਾਰ ਨੇ ਇਹ ਐਲਾਨ ਕੀਤਾ ਸੀ ਕਿ ਉਨ੍ਹਾਂ ਵੱਲੋਂ ਆਪਣੇ ਵਰਕਰਜ਼ ਲਈ ਉਜਰਤਾਂ ਵਿੱਚ ਪਹਿਲੀ ਅਪਰੈਲ ਤੋਂ 65 ਸੈਂਟ ਦਾ ਵਾਧਾ ਕੀਤਾ ਜਾਵੇਗਾ ਜਾਂ ਪ੍ਰਤੀ ਘੰਟੇ ਪਿੱਛੇ 17.30 ਡਾਲਰ ਦਿੱਤੇ ਜਾਣਗੇ। ਮਹਿੰਗਾਈ ਨੂੰ ਵੇਖਦਿਆਂ ਹੋਇਆਂ ਘੱਟ ਤੋਂ ਘੱਟ ਉਜਰਤਾਂ ਨੂੰ ਸਾਲਾਨਾ ਪੱਧਰ ਉੱਤੇ ਵਧਾਉਣ ਦੇ ਜਸਟਿਨ ਟਰੂਡੋ ਸਰਕਾਰ ਦੇ ਵਾਅਦੇ ਮੁਤਾਬਕ ਹੀ ਇਹ ਵਾਧਾ ਕੀਤਾ ਜਾ ਰਿਹਾ ਹੈ।



ਇਸ ਤਬਦੀਲੀ ਨਾਲ ਫੈਡਰਲ ਸਰਕਾਰ ਵੱਲੋਂ ਨਿਯੰਤਰਿਤ ਇੰਡਸਟਰੀਜ਼ ਜਿਵੇਂ ਕਿ ਇੰਟਰਨੈਸ਼ਨਲ ਤੇ ਇੰਟਰਪ੍ਰੋਵਿੰਸ਼ੀਅਲ ਟਰਾਂਸਪੋਰਟੇਸ਼ਨ, ਟੈਲੀਕਮਿਊਨਿਕੇਸ਼ਨ, ਬੈਂਕਿੰਗ, ਪੋਸਟਲ ਤੇ ਕੁਰੀਅਰ ਸਰਵਿਸਿਜ਼ ਵਿੱਚ ਕੰਮ ਕਰਨ ਵਾਲੇ ਮੁਲਾਜ਼ਮਾਂ ਨੂੰ ਫਾਇਦਾ ਹੋਵੇਗਾ। ਇਸ ਨਾਲ 18 ਸਾਲ ਤੋਂ ਘੱਟ ਉਮਰ ਦੇ ਇੰਟਰਨਜ਼ ਤੇ ਵਰਕਰਜ਼ ਨੂੰ ਵੀ ਫਾਇਦਾ ਮਿਲੇਗਾ।

ਓਨਟਾਰੀਓ ਵਿੱਚ ਘੱਟ ਤੋਂ ਘੱਟ ਉਜਰਤਾਂ ਵਿੱਚ ਇਸ ਸਾਲ ਦੇ ਅੰਤ ਤੱਕ ਵਾਧਾ ਕੀਤਾ ਜਾਵੇਗਾ। 2023 ਵਿੱਚ ਪ੍ਰੋਵਿੰਸ਼ੀਅਲ ਘੱਟ ਤੋਂ ਘੱਟ ਉਜਰਤਾਂ ਪ੍ਰਤੀ ਘੰਟਾ 16.55 ਡਾਲਰ ਕੀਤੀਆਂ ਗਈਆਂ ਸਨ। ਡੱਗ ਫੋਰਡ ਸਰਕਾਰ ਨੇ ਅਕਤੂਬਰ ਵਿੱਚ ਆਪਣੀਆਂ ਸਾਲਾਨਾਂ ਘੱਟ ਤੋਂ ਘੱਟ ਉਜਰਤਾਂ ਵਿੱਚ ਵਾਧਾ ਕਰਨ ਦਾ ਤਹੱਈਆ ਪ੍ਰਗਟਾਇਆ ਸੀ।

ਕੈਨੇਡਾ ਵਿੱਚ ਘੱਟ ਤੋਂ ਘੱਟ ਉਜਰਤਾਂ ਹੇਠ ਲਿਖੇ ਮੁਤਾਬਕ ਹਨ :

Alberta: $15
British Columbia: $16.75
Manitoba: $15.30
New Brunswick: $14.75, set to increase to $15.30 in April 2024
Newfoundland and Labrador: $15, set to increase to $15.60 in April 2024
Northwest Territories: $16.05
Nova Scotia: $15, set to increase to $15.20 in April 2024
Nunavut: $16
Ontario: $16.55
Prince Edward Island: $15, set to increase to $16 in April 2024
Quebec: $15.25
Saskatchewan: $14, set to increase to $15 in October 2024
Yukon: $16.77, set to increase to $17.59 in April 2024

## ਗੱਡੀ ਤੇ ਮੋਟਰਸਾਈਕਲ ਦੀ ਟੱਕਰ ਵਿਚ ਮਹਿਲਾ ਜ਼ਖ਼ਮੀ

ਨੌਰਥ ਯੌਰਕ, 13 ਮਾਰਚ (ਪੋਸਟ ਬਿਊਰੋ) : ਨੌਰਥ ਯੌਰਕ ਵਿੱਚ ਡੌਨ ਵੈਲੀ ਪਾਰਕਵੇਅ (ਡੀਵੀਪੀ) ਨੇੜੇ ਇੱਕ ਗੱਡੀ ਤੇ ਮੋਟਰਸਾਈਕਲ ਦੀ ਹੋਈ ਟੱਕਰ ਵਿੱਚ ਇੱਕ ਵਿਅਕਤੀ ਗੰਭੀਰ ਜ਼ਖ਼ਮੀ ਹੋ ਗਿਆ।

ਬੁੱਧਵਾਰ ਨੂੰ ਸਵੇਰੇ 7:15 ਵਜੇ ਐਮਰਜੰਸੀ ਅਮਲੇ ਨੂੰ ਵਿਨਫੋਰਡ ਡਰਾਈਵ ਤੇ ਡੀਵੀਪੀ ਨੌਰਥ ਉੱਤੇ ਸੱਦਿਆ ਗਿਆ। ਪੈਰਾਮੈਡਿਕਸ ਨੇ




ਦੱਸਿਆ ਕਿ ਉਨ੍ਹਾਂ ਵੱਲੋਂ ਇੱਕ ਮਹਿਲਾ ਨੂੰ ਜ਼ਖ਼ਮੀ ਹਾਲਤ ਵਿੱਚ ਹਸਪਤਾਲ ਲਿਜਾਇਆ ਗਿਆ ਪਰ ਉਸ ਦੀ ਹਾਲਤ ਖਤਰੇ ਤੋਂ ਬਾਹਰ ਦੱਸੀ ਗਈ।

ਅਜੇ ਤੱਕ ਇਹ ਪਤਾ ਨਹੀਂ ਲੱਗ ਸਕਿਆ ਹੈ ਕਿ ਇਹ ਮਹਿਲਾ ਗੱਡੀ ਵਿੱਚ ਸੀ ਜਾਂ ਮੋਟਰਸਾਈਕਲ ਚਲਾ ਰਹੀ ਸੀ। ਵਿਨਫੋਰਡ ਤੋਂ ਡੀਵੀਪੀ ਤੱਕ ਪੁਲਿਸ ਵੱਲੋਂ ਨੌਰਥਬਾਊਂਡ ਰੈਂਪ ਨੂੰ ਬੰਦ ਕਰ ਦਿੱਤਾ ਗਿਆ ਹੈ। ਮਾਮਲੇ ਦੀ ਜਾਂਚ ਕੀਤੀ ਜਾ ਰਹੀ ਹੈ।

## ਚੀਨ ਵਿਚ ਰੈਸਟੋਰੈਂਟ ’ਚ ਧਮਾਕਾ, ਇਮਾਰਤਾਂ ਨੂੰ ਹੋਇਆ ਨੁਕਸਾਨ

ਬੀਜਿੰਗ, 13 ਮਾਰਚ (ਪੋਸਟ ਬਿਊਰੋ): ਉੱਤਰੀ ਚੀਨ ਦੇ ਹੇਬੇਈ ਸੂਬੇ 'ਚ ਬੁੱਧਵਾਰ ਨੂੰ ਇਕ ਰੈਸਟੋਰੈਂਟ 'ਚ ਗੈਸ ਲੀਕ ਹੋਣ ਕਾਰਨ ਹੋਏ ਧਮਾਕੇ 'ਚ ਇਕ ਵਿਅਕਤੀ ਦੀ ਮੌਤ ਹੋ ਗਈ ਅਤੇ 22 ਜ਼ਖ਼ਮੀ ਹੋ ਗਏ। ਜਾਣਕਾਰੀ ਮੁਤਾਬਕ ਧਮਾਕੇ ਕਾਰਨ ਇਮਾਰਤ ਅਤੇ ਕਈ ਵਾਹਨ ਨੁਕਸਾਨੇ ਗਏ। ਸੂਤਰਾਂ ਅਨੁਸਾਰ ਸ਼ੱਕ ਹੈ ਕਿ ਯਾਨਜੀਆਓ ਟਾਊਨਸ਼ਿਪ 'ਚ ਇਕ ਚਿਕਨ ਦੀ ਦੁਕਾਨ 'ਤੇ ਗੈਸ ਲੀਕ ਹੋਣ ਕਾਰਨ ਧਮਾਕਾ ਹੋਇਆ ਹੈ। ਚੀਨ 'ਚ ਬੁੱਧਵਾਰ ਨੂੰ ਇਕ ਰੈਸਟੋਰੈਂਟ 'ਚ ਗੈਸ ਲੀਕ ਹੋਣ ਕਾਰਨ ਜ਼ਬਰਦਸਤ ਧਮਾਕਾ ਹੋਇਆ। ਇਸ ਘਟਨਾ ਦੌਰਾਨ ਇੱਕ ਵਿਅਕਤੀ ਦੀ ਮੌਤ ਹੋ ਗਈ ਅਤੇ 22 ਲੋਕ ਜ਼ਖ਼ਮੀ ਹੋ ਗਏ। ਧਮਾਕਾ ਇੰਨਾ ਖਤਰਨਾਕ ਸੀ ਕਿ ਇਸ ਦੌਰਾਨ ਕਈ ਇਮਾਰਤਾਂ ਨੂੰ ਨੁਕਸਾਨ ਪਹੁੰਚਿਆ। ਕਈ ਵਾਹਨਾਂ ਨੂੰ ਵੀ ਨੁਕਸਾਨ ਪਹੁੰਚਿਆ ਹੈ। ਖਬਰਾਂ ਮੁਤਾਬਕ ਸ਼ੱਕ ਹੈ ਕਿ ਚਿਕਨ ਦੀ ਦੁਕਾਨ 'ਤੇ ਗੈਸ ਲੀਕ ਹੋਣ ਕਾਰਨ ਧਮਾਕਾ ਹੋਇਆ ਹੈ।

## ਅਲਬਰਟਾ ਵੱਲੋਂ ਸਕਿੱਲਡ ਟਰੇਡ ਵਰਕਰਜ਼ ਰਕਰੂਟ ਕਰਨ ਲਈ ਸ਼ੁਰੂ ਕੀਤੇ ਪ੍ਰੋਗਰਾਮ ਤੋਂ ਚਿੰਤਤ ਨਹੀਂ ਹਨ ਫੋਰਡ

ਓਨਟਾਰੀਓ, 13 ਮਾਰਚ (ਪੋਸਟ ਬਿਊਰੋ) : ਅਲਬਰਟਾ ਵੱਲੋਂ ਹੁਨਰਮੰਦ ਟਰੇਡ ਵਰਕਰਜ਼ ਨੂੰ ਰਕਰੂਟ ਕਰਨ ਲਈ ਸ਼ੁਰੂ ਕੀਤੇ ਗਏ ਨਵੇਂ ਪ੍ਰੋਗਰਾਮ ਬਾਰੇ ਮਾਹਿਰਾਂ ਦੀ ਰਾਇ ਹੈ ਕਿ ਉਨ੍ਹਾਂ ਨੂੰ ਪੂਰੇ ਦੇਸ਼ ਵਿੱਚ ਵਰਕਰਜ਼ ਨੂੰ ਸੱਦਣ ਉੱਤੇ ਆਪਣਾ ਧਿਆਨ ਕੇਂਦਰਿਤ ਕਰਨਾ ਚਾਹੀਦਾ ਹੈ। ਪਰ ਪ੍ਰੀਮੀਅਰ ਡੱਗ ਫੋਰਡ ਦਾ ਕਹਿਣਾ ਹੈ ਕਿ ਜੇ ਉਨ੍ਹਾਂ ਦੀ ਪ੍ਰੋਵਿੰਸ ਦੇ ਲੋਕ ਉੱਧਰ ਜਾਂਦੇ ਹਨ ਤਾਂ ਉਹ ਕਿਸੇ ਗੱਲ ਨੂੰ ਲੈ ਕੇ ਚਿੰਤਤ ਨਹੀਂ ਹਨ।

ਓਨਟਾਰੀਓ ਤੇ ਦੇਸ਼ ਦੇ ਹੋਰਨਾਂ ਹਿੱਸਿਆਂ ਤੋਂ ਟਰੇਡਜ਼ ਨਾਲ ਜੁੜੇ ਸਕਿੱਲਡ ਲੋਕਾਂ ਨੂੰ ਸੱਦਣ ਲਈ ਅਲਬਰਟਾ ਹਾਲ ਦੀ ਘੜੀ ਉਨ੍ਹਾਂ ਨੂੰ 5000 ਡਾਲਰ ਦੀ ਟੈਕਸ ਛੋਟ (ਇੱਕ ਵਾਰੀ ਲਈ) ਦੇਣ ਦੀ ਪੇਸ਼ਕਸ਼ ਕਰ ਰਿਹਾ ਹੈ। ਅਲਬਰਟਾ ਦੇ ਇਸ 10 ਮਿਲੀਅਨ ਡਾਲਰ ਦੇ ਪ੍ਰੋਗਰਾਮ ਦਾ ਟੀਚਾ 2000 ਲੋਕਾਂ ਨੂੰ ਸੱਦਣ ਦਾ ਹੈ। ਫਿਊਚਰ ਸਕਿੱਲਜ਼ ਸੈਂਟਰ ਦੀ ਡਾਇਰੈਕਟਰ ਆਫ ਰਿਸਰਚ ਟ੍ਰਿਸ਼ੀਆ ਵਿਲੀਅਮਜ਼ ਨੇ ਆਖਿਆ ਕਿ ਇੰਸੈਂਟਿਵਜ਼ ਤੇ ਕ੍ਰੈਡਿਟਸ ਵਰਕਰਜ਼ ਦੇ ਮੌਜੂਦਾ ਦਾਇਰੇ ਨੂੰ ਵਧਾਉਣ ਉੱਤੇ ਕੇਂਦਰਿਤ ਹਨ। ਉਨ੍ਹਾਂ ਆਖਿਆ ਕਿ ਅਲਬਰਟਾ ਇਹ ਮੰਨ ਕੇ ਚੱਲ ਰਿਹਾ ਹੈ ਕਿ ਹੋਰਨਾਂ ਪ੍ਰੋਵਿੰਸਾਂ ਤੇ ਟੈਰੇਟਰੀਜ਼ ਵਿੱਚੋਂ ਉਨ੍ਹਾਂ ਕੋਲ ਆਉਣ ਵਾਲੇ ਸਕਿੱਲਡ ਲੋਕਾਂ ਨੂੰ ਇਸ ਅਦਲਾ ਬਦਲੀ ਤੋਂ ਬਾਅਦ ਹਰ ਤਰ੍ਹਾਂ ਦੀ ਮਦਦ ਦੀ ਲੋੜ ਹੋਵੇਗੀ।



ਇਸ ਦੌਰਾਨ ਜਦੋਂ ਫੋਰਡ ਤੋਂ ਇਹ ਪੁੱਛਿਆ ਗਿਆ ਕਿ ਅਲਬਰਟਾ ਵੱਲੋਂ ਇੰਸੈਂਟਿਵ ਆਧਾਰਿਤ ਪਹੁੰਚ ਅਪਣਾ ਕੇ ਹੁਨਰਮੰਦ ਲੋਕਾਂ ਨੂੰ ਸੱਦਿਆ ਜਾ ਰਿਹਾ ਹੈ ਤੇ ਕੀ ਓਨਟਾਰੀਓ ਵੀ ਅਜਿਹੀ ਪਹਿਲਕਦਮੀ ਬਾਰੇ ਕੋਈ ਸੋਚ ਵਿਚਾਰ ਕਰ ਰਿਹਾ ਹੈ ਜਾਂ ਨਹੀਂ ਤਾਂ ਉਨ੍ਹਾਂ ਆਖਿਆ ਕਿ ਜਿੱਥੋਂ ਤੱਕ ਹੈਲਥਕੇਅਰ ਵਰਕਰਜ਼ ਦੀ ਗੱਲ ਆਉਂਦੀ ਹੈ ਤਾਂ ਅਸੀਂ ਅਜਿਹਾ ਕਰ ਰਹੇ ਹਾਂ। ਅਸੀਂ ਉਨ੍ਹਾਂ ਦੀ ਐਜੂਕੇਸ਼ਨ, ਉਨ੍ਹਾਂ ਦੀਆਂ ਕਿਤਾਬਾਂ ਦੇ ਨਾਲ ਨਾਲ ਪੁਲਿਸ ਅਧਿਕਾਰੀਆਂ ਨੂੰ ਵੀ ਇਹ ਸਹੂਲਤਾਂ ਮੁਹੱਈਆ ਕਰਵਾ ਰਹੇ ਹਾਂ।

ਫੋਰਡ ਨੇ ਆਖਿਆ ਕਿ ਜੇ ਉਨ੍ਹਾਂ ਦੇ ਪ੍ਰੋਵਿੰਸ ਤੋਂ ਲੋਕ ਅਲਬਰਟਾ ਜਾਂਦੇ ਹਨ ਤਾਂ ਇਸ ਗੱਲ ਨੂੰ ਲੈ ਕੇ ਉਨ੍ਹਾਂ ਨੂੰ ਕੋਈ ਚਿੰਤਾ ਨਹੀਂ ਹੈ।

ਉਨ੍ਹਾਂ ਅੱਗੇ ਆਖਿਆ ਕਿ ਉਨ੍ਹਾਂ ਨੂੰ ਅਲਬਰਟਾ ਦੇ ਲੋਕਾਂ ਨਾਲ ਪਿਆਰ ਹੈ ਪਰ ਓਨਟਾਰੀਓ ਵਰਗੀ ਕੋਈ ਹੋਰ ਥਾਂ ਦੁਨੀਆਂ ਵਿੱਚ ਕਿਤੇ ਨਹੀਂ ਹੈ। ਲੋਕ ਆਪ ਆ ਕੇ ਇੱਥੇ ਵੱਸਣਾ ਚਾਹੁੰਦੇ ਹਨ। ਓਨਟਾਰੀਓ ਦੇ ਲੋਕ ਹੀ ਨਹੀਂ ਸਗੋਂ ਬਾਹਰਦੇ ਲੋਕ ਵੀ ਇੱਥੇ ਆ ਕੇ ਰਹਿਣ ਦੀਆਂ ਗੱਲਾਂ ਕਰਦੇ ਹਨ। ਇੱਥੇ ਦੱਸਣਾ ਬਣਦਾ ਹੈ ਕਿ ਇਸ ਸਮੇਂ ਓਨਟਾਰੀਓ ਵਿੱਚ ਲੇਬਰ ਦੀ ਘਾਟ ਪਾਈ ਜਾ ਰਹੀ ਹੈ ਤੇ ਪ੍ਰੋਵਿੰਸ ਭਰ ਵਿੱਚ 300,000 ਅਸਾਮੀਆਂ ਪੁਰ ਕਰਨ ਵਾਲੀਆਂ ਪਈਆਂ ਹਨ ਜਿਨ੍ਹਾਂ ਵਿੱਚੋਂ ਬਹੁਤੀਆਂ ਸਕਿੱਲਡ ਟਰੇਡਜ਼ ਵਿੱਚ ਹਨ।

## ਟੋਰਾਂਟੋ ਵਿਚ ਪੁਲਿਸ ਨੇ ਬਰਾਮਦ ਕੀਤੇ 13 ਮਿਲੀਅਨ ਡਾਲਰ ਦੇ ਡਰੱਗਜ਼, 9 ਗ੍ਰਿਫ਼ਤਾਰ

ਓਨਟਾਰੀਓ, 13 ਮਾਰਚ (ਪੋਸਟ ਬਿਊਰੋ) : ਬੈਰੀ ਵਿੱਚ ਦੋ ਸ਼ੱਕੀ ਡਰੱਗ ਡੀਲਰਜ਼ ਉੱਤੇ ਨਜ਼ਰ ਰੱਖਣ ਤੋਂ ਬਾਅਦ ਓਨਟਾਰੀਓ ਪ੍ਰੋਵਿੰਸ਼ੀਅਲ ਪੁਲਿਸ (ਓਪੀਪੀ) ਸੰਗਠਿਤ ਮੁਜਰਮਾਨਾ ਨੈੱਟਵਰਕ ਦਾ ਪਰਦਾਫਾਸ਼ ਕਰਨ ਵਿੱਚ ਕਾਮਯਾਬ ਰਹੀ। ਇਸ ਨੈੱਟਵਰਕ ਰਾਹੀਂ ਕਈ ਮਿਲੀਅਨ ਡਾਲਰ ਦੀ ਕ੍ਰਿਸਟਲ ਮੈੱਥ ਤੇ ਕੋਕੀਨ ਸਮਗਲ ਕੀਤੀ ਜਾ ਰਹੀ ਸੀ। ਇਹ ਜਾਣਕਾਰੀ ਬੁੱਧਵਾਰ ਨੂੰ ਪੁਲਿਸ ਨੇ ਇੱਕ ਰਲੀਜ਼ ਜਾਰੀ ਕਰਕੇ ਦਿੱਤੀ।

ਜਾਂਚਕਾਰਾਂ ਨੇ ਦੱਸਿਆ ਕਿ ਪ੍ਰੋਜੈਕਟ ਕ੍ਰੈਨੀਅਮ 2023 ਦੇ ਅੰਤ ਵਿੱਚ ਸ਼ੁਰੂ ਹੋਇਆ ਜਦੋਂ ਪੁਲਿਸ ਨੂੰ ਇਹ ਪਤਾ ਲੱਗਿਆ ਕਿ ਬੈਰੀ ਵਿੱਚ ਦੋ ਵਿਅਕਤੀ ਡਰੱਗਜ਼ ਦੀ ਸਮਗਲਿੰਗ ਕਰਦੇ ਹਨ।



ਆਪਣੀ ਰਲੀਜ਼ ਵਿੱਚ ਓਪੀਪੀ ਨੇ ਦੱਸਿਆ ਕਿ ਅਗਲੇਰੀ ਜਾਂਚ ਤੋਂ ਸਾਹਮਣੇ ਆਇਆ ਕਿ ਇੱਕ ਵੱਡਾ ਸੰਗਠਿਤ ਨੈੱਟਵਰਕ ਗ੍ਰੇਟਰ ਟੋਰਾਂਟੋ ਏਰੀਆ, ਸਿਮਕੋ ਕਾਊਂਟੀ ਤੇ ਦਰਹਾਮ ਰੀਜਨ ਦੇ ਬਾਹਰ ਚਲਾਇਆ ਜਾ ਰਿਹਾ ਹੈ। ਪੁਲਿਸ ਨੇ ਇਹ ਵੀ ਖੁਲਾਸਾ ਕੀਤਾ ਕਿ ਡਰੱਗਜ਼ ਪਹਿਲਾਂ ਮੁੱਖ ਸਪਲਾਇਰ ਤੋਂ ਖਰੀਦੇ ਜਾਂਦੇ ਹਨ ਤੇ ਫਿਰ ਉਹ ਹੇਠਲੇ ਪੱਧਰ ਦੇ ਡੀਲਰਾਂ ਤੱਕ ਪਹੁੰਚਦੇ ਹਨ।

21 ਜਨਵਰੀ, 2024 ਨੂੰ ਓਪੀਪੀ ਵੱਲੋਂ 16 ਸਰਚ ਵਾਰੰਟ ਕਢਵਾ ਕੇ ਟੋਰਾਂਟੋ ਦੇ ਕੁੱਝ ਘਰਾਂ, ਗੱਡੀਆਂ ਤੇ ਇੱਕ ਸਟੋਰੇਜ ਲਾਕਰ ਦੀ ਜਾਂਚ ਕੀਤੀ ਗਈ ਤਾਂ ਉਨ੍ਹਾਂ ਨੂੰ ਅੰਦਾਜ਼ਨ 13 ਮਿਲੀਅਨ ਡਾਲਰ ਦੇ ਗੈਰਕਾਨੂੰਨੀ ਨਸ਼ੇ, ਅੱਧਾ ਮਿਲੀਅਨ ਨਕਦੀ ਤੇ ਦੋ ਗੈਰਕਾਨੂੰਨੀ ਗੰਨਜ਼ ਬਰਾਮਦ ਹੋਈਆਂ। ਇਸ ਸਬੰਧ ਵਿੱਚ ਨੌਂ ਵਿਅਕਤੀਆਂ ਨੂੰ ਗ੍ਰਿਫਤਾਰ ਕੀਤਾ ਗਿਆ ਹੈ ਤੇ ਉਨ੍ਹਾਂ ਉੱਤੇ 44 ਚਾਰਜਿਜ਼ ਲਾਏ ਗਏ ਹਨ। ਪੁਲਿਸ ਵੱਲੋਂ 173 ਕਿੱਲੋਗ੍ਰਾਮ ਕ੍ਰਿਸਟਲ ਮੈਥਾਮਫੈਟਾਮਾਈਨ, 56 ਕਿੱਲੋਗ੍ਰਾਮ ਕੋਕੀਨ, 500 ਗ੍ਰਾਮ ਫੈਂਟਾਨਿਲ, ਦੋ ਪਾਬੰਦੀਸ਼ੁਦਾ ਹੈਂਡਗੰਨਜ਼ (ਜਿਨ੍ਹਾਂ ਵਿੱਚੋਂ ਇੱਕ ਭਰੀ ਹੋਈ ਸੀ), 620,000 ਡਾਲਰ ਕੈਨੇਡੀਅਨ ਕਰੰਸੀ, ਡਰੱਗ ਤਿਆਰ ਕਰਨ ਦੇ ਸਬੂਤ ਤੇ ਚਾਰ ਗੱਡੀਆਂ ਬਰਾਮਦ ਕੀਤੀਆਂ ਗਈਆਂ ਹਨ।

## ਅਮਰੀਕਾ ’ਚ ਕੁੜੀਆਂ ਦੇ ਗੈਂਗ ਨੇ 66 ਕਰੋੜ ਰੁਪਏ ਦੇ ਮੇਕਅੱਪ ਦਾ ਸਮਾਨ ਕੀਤਾ ਚੋਰੀ, 50 ਫੀਸਦੀ ਡਿਸਕਾਊਂਟ ’ਤੇ ਆਨਲਾਈਨ ਵੇਚ ਦਿੱਤਾ

ਵਾਸ਼ਿੰਗਟਨ, 13 ਮਾਰਚ (ਪੋਸਟ ਬਿਊਰੋ): ਅਮਰੀਕੀ ਪੁਲਿਸ ਨੇ ਮੇਕਅੱਪ ਦਾ ਸਮਾਨ ਚੋਰੀ ਕਰਨ ਵਾਲੇ ਇੱਕ ਗਿਰੋਹ ਦੇ ਮੁਖੀ ਨੂੰ ਗ੍ਰਿਫ਼ਤਾਰ ਕੀਤਾ ਹੈ। ਪੁਲਿਸ ਨੇ ਦੱਸਿਆ ਕਿ ਤਿੰਨ ਬੱਚਿਆਂ ਦੀ ਮਾਂ 53 ਸਾਲਾ ਮਿਸ਼ੇਲ ਮੈਕ ਨੇ 66 ਕਰੋੜ ਰੁਪਏ ਦੇ ਕਾਸਮੈਟਿਕਸ ਚੋਰੀ ਕੀਤੇ ਅਤੇ ਫਿਰ ਉਨ੍ਹਾਂ ਨੂੰ ਆਨਲਾਈਨ ਸ਼ਾਪਿੰਗ ਸਾਈਟ ਐਮਾਜ਼ਾਨ 'ਤੇ ਵੇਚ ਦਿੱਤਾ। ਪੁਲਿਸ ਮੁਤਾਬਕ ਮਿਸ਼ੇਲ ਨੇ ਚੋਰੀ ਨੂੰ ਅੰਜ਼ਾਮ ਦੇਣ ਲਈ 12 ਕੁੜੀਆਂ ਨੂੰ ਨੌਕਰੀ 'ਤੇ ਰੱਖਿਆ ਸੀ। ਇਹ ਸਾਰੇ ਲਗਜ਼ਰੀ ਕਾਸਮੈਟਿਕਸ ਸਟੋਰਾਂ ਜਿਵੇਂ ਸੇਫੋਰਾ, ਲੈਂਸ ਕ੍ਰਾਫਟਰ, ਅਲਟਾ, ਟੀਜੇ ਮੈਕਸ, ਵਾਲਗ੍ਰੀਨਜ਼ 'ਤੇ ਜਾਂਦੇ ਸਨ ਅਤੇ ਮੇਕਅੱਪ ਦੀਆਂ ਚੀਜ਼ਾਂ ਚੋਰੀ ਕਰਦੇ ਸਨ। ਇਸ ਤੋਂ ਬਾਅਦ ਮਿਸ਼ੇਲ ਇਨ੍ਹਾਂ ਚੀਜ਼ਾਂ ਨੂੰ ਡਿਸਕਾਊਂਟ 'ਤੇ ਵੇਚਦੀ ਸੀ। ਇਸ ਗਿਰੋਹ ਨੇ ਕੈਲੀਫੋਰਨੀਆ, ਓਹੀਓ, ਟੈਕਸਾਸ, ਫਲੋਰੀਡਾ ਸਮੇਤ 10 ਅਮਰੀਕੀ ਰਾਜਾਂ ਵਿੱਚ ਚੋਰੀਆਂ ਕੀਤੀਆਂ। ਇਹੀ ਕਾਰਨ ਹੈ ਕਿ ਇਸ ਗਰੋਹ ਦਾ ਨਾਂ 'ਕੈਲੀਫੋਰਨੀਆ ਗਰਲਜ਼' ਰੱਖਿਆ ਗਿਆ। ਪੁਲਿਸ ਨੇ 12 ਮਾਰਚ ਨੂੰ ਮਿਸ਼ੇਲ ਦੇ ਘਰ ਛਾਪਾ ਮਾਰਿਆ ਸੀ। ਇਸ ਦੌਰਾਨ ਉਸ ਨੂੰ 24.86 ਕਰੋੜ ਰੁਪਏ ਦੇ ਕਾਸਮੈਟਿਕਸ ਮਿਲੇ ਸਨ।

HELPING YOU PLAN TODAY...FOR TOMORROW
- Supervisa / Visitor Insurance
- Life /Mortgage/Funeral Insurance
- Disability Insurance
- Critical Illness Insurance
- RESP /RRSP
www.ufsinsurance.com
JATINDERBIR S BAJWA
Insurance Broker
Dir:647-928-4990
# 25-831 Bovarid Dr. W. Brampton, ON L6X0T9 | www.ufsinsurance.com

MagGas Medical Brampton
MGM
MAGGAS MEDICAL INC.
Helping you breathe deep and rest easy.
- CPAP ਮਸ਼ੀਨ, ਮਾਸਕ ਅਤੇ ਸਪਲਾਈ
- ਮੁਫ਼ਤ ਸਲਾਹ
- ਮੁਫ਼ਤ ਡਿਲੀਵਰੀ
(647) 954-9885
20 Maritime Ont Blvd Unit 15
Brampton, ON L6S 0C2

Law Office of Aman Sharma
- Real Estate - Commercial Lease
- Business Purchase & Sale
- Notarizations & Affidavits
- Wills & Power Of Attorney
Fax: 905-913-2344 Tel: 905-913-2355
25 Cherrycrest Drive, Unit # 6
Brampton, ON, L6P 3W4
Aman Sharma
Open Saturday
Providing excellent quality legal services to our clients

Canada Consumer Credit Assistance ਕਰਜ਼ਾ ਰਹਿਤ ਜ਼ਿੰਦਗੀ ਜੀਓ
- ਪਾਵਰ ਆਫ ਸੇਲ ਨੋਟਿਸ ?
- ਗਾਰਨਿਸ਼ਮੈਂਟ?
- ਬੈਂਕ ਵਲੋਂ ਪੈਸੇ ਦੀ ਮੰਗ ?
- ਰੈਵਨਿਊ ਕੈਨੇਡਾ ਵਲੋਂ ਟੈਕਸ ਦੀ ਮੰਗ ?
ਕੁਲੈਕਸ਼ਨ ਕਾਲਾਂ, ਬੈਂਕ ਕਰਪਸੀ ਅਤੇ ਕਰਜ਼ੇ ਤੋਂ ਪੱਕਾ ਛੁਟਕਾਰਾ ਪਾ ਕੇ ਆਪਣਾ ਕਰੈਡਿਟ ਦੁਬਾਰਾ ਬਨਾਉਣ ਲਈ
ਹੁਣੇ ਹੀ ਕਾਲ ਕਰੋ
75% ਤੱਕ ਆਪਣਾ ਕਰਜ਼ਾ ਮਾਫ ਕਰਾਓ, ਬਹੁਤ ਆਸਾਨ ਕਿਸ਼ਤਾਂ ਬਿਨਾ ਵਿਆਜ ਤੋਂ
ਕਰਜ਼ੇ ਦੀ ਸਿਰਦਰਦੀ ?
ਮੁਫਤ ਅਤੇ ਗੁਪਤ ਸਲਾਹ ਲਈ ਅੱਜ ਹੀ ਜਸਬੀਰ ਹੁੰਦਲ ਨੂੰ ਕਾਲ ਕਰੋ
Late Evening and Weekends Appointments Available 1888 864 3131
Jasbir Singh Hundal
Qualified Credit Counsellor
www.MakeMeDebtFree.ca 416-502-3100 Unit #20 - 7015 Tranmere Drive Mississauga, ON L5S 1T7

Royal Pest Control
Residential Commercial Industrial
Specialist in Bedbugs Service
All Pest Control :
- Mouse & Rats - Spiders & Fleas - Bedbugs - Wasps
- Cockroaches - Carpenter Ants - Silver Fish - Racoons
Call : PARESH PATEL
(Government Approved Licensed Technician)
416 938 4598

KELLEY LAW OFFICE
- Immigration - Real Estate
- Family Law - Business Closing
- Corporate - Wills & Estate
- Power of Attorney/Affidavit /Attestations
www.kelleylawoffice.ca | info@kelleylawoffice.ca
ਇੱਥੇ ਹਰ ਤਰ੍ਹਾਂ ਦੇ ਇਮੀਗਰੇਸ਼ਨ, ਰੀਅਲ ਅਸਟੇਟ, ਬਿਜਨਸ ਲਾਅ, ਕੋਰਪੋਰੇਟ, ਫੈਮਲੀ ਲਾਅ, ਵਸੀਅਤਨਾਮੇ, ਪਾਵਰ ਆਫ ਅਟੌਰਨੀ, ਰਾਹਦਾਰੀ ਅਤੇ ਹੋਰ ਕਾਨੂੰਨੀ ਸਲਾਹ ਮਸ਼ਵਰੇ ਲਈ ਫੋਨ ਕਰੋ!
1200 Derry Road E, #15, Mississauga, ON L5T 0B3
Shinder Kelley
Barrister, Solicitor & Notary Public
905-362-0755

Mortgage! We Will Beat Any Rate !!!
*Each Mortgage Center Office is Independently Owned & Operated
Purchase || Refinance || Major Banks /Credit Unions || Private Lenders || Second Mortgages-Lowest 6.99 %
The Mortgage Centre 25
Cell: 416-841-4218 Tel: 905-216-5563
AvonFinancial Inc.
Brokerage Lic. 12538
Harpreet Singh Goraya
Principal Broker (Lic # M12000607)
831 Bovaird Dr. West, Unit 25, Brampton, ON L6X 0T9 Fax : 905-216-0392

MANN LAW FIRM
- Real Estate Law - Business Law
- Wills & Estates - Family Law
- Power of Attorney - Civil Litigation
- Affidavits Notarization / Declaration
Maninder S. Mann B.A. (Hons.), LLB
BARRISTER SOLICITOR NOTARY
Address: 2130 North Park Dr. Suite 246 Brampton, ON L6S 0C9
T: 905 799 9333
www.mannlawfirm.ca

## ਅੱਜ ਨਾਮਾ

ਚੜ੍ਹਿਆ ਆ ਰਿਹਾ ਜਿੰਦਾਂ ਟਰੰਪ ਲੱਗਦਾ,
ਹੋਣਾ ਬਾਇਡੇਨ ਦੇ ਨਾਲ ਹੀ ਭੇੜ ਮੀਆਂ।
ਦੋਵੇਂ ਲੱਗਦੇ ਮਜ਼ਬੂਤ ਹਨ ਪਾਰਟੀ ਵਿੱਚ,
ਮੁੱਢਲਾ ਜਾਪਦਾ ਇੱਕੋ ਜਿਹਾ ਗੇੜ ਮੀਆਂ।
ਦਾਅਵੇ ਦੋਵੇਂ ਹੀ ਇਹੋ ਜਿਹੇ ਕਰੀ ਜਾਂਦੇ,
ਦੇਣੇ ਨੇ ਵਿਰੋਧ ਦੇ ਕਦਮ ਉਖੇੜ ਮੀਆਂ।
ਮਾੜੇ ਬੰਦੇ ਨਾ ਬਾਇਡੇਨ ਦੇ ਨਾਲ ਜੁੜਦੇ,
ਕਰਨ ਟਰੰਪ ਦਾ ਸਾਊ ਨਹੀਂ ਨੇੜ ਮੀਆਂ।
ਜਾਪਦਾ ਇਹੀ ਦੁਰਾਡੇ ਜਿਹਾਂ ਬੈਠਿਆਂ ਨੂੰ,
ਪਤਾ ਨਹੀਂ ਅਸਲ ਨੇ ਕੀ ਹਾਲਾਤ ਮੀਆਂ।
ਜਿਹੜਾ ਜਿੱਤਿਆ, ਕਰੂਗਾ ਸਾਫ ਦਾਅਵਾ,
ਕੀਤਾ ਈ ਨੇਕੀ ਨੇ ਬਦੀ ਨੂੰ ਮਾਤ ਮੀਆਂ।

**ਤੀਸ ਮਾਰ ਖਾਂ**

# ਪੁਤਿਨ ਦਾ ਵੱਡਾ ਬਿਆਨ: ਜੇਕਰ ਰੂਸ ਦੀ ਹੋਂਦ ਖਤਰੇ ’ਚ ਆਈ ਤਾਂ ਪਰਮਾਣੂ ਯੁੱਧ ਲਈ ਤਿਆਰ ਹੈ ਰੂਸ

ਮਾਸਕੋ, 13 ਮਾਰਚ (ਪੋਸਟ ਬਿਊਰੋ): ਰੂਸ ਦੇ ਰਾਸ਼ਟਰਪਤੀ ਵਲਾਦੀਮੀਰ ਪੁਤਿਨ ਨੇ ਬੁੱਧਵਾਰ ਨੂੰ ਅਮਰੀਕਾ ਨੂੰ ਪ੍ਰਮਾਣੂ ਹਮਲੇ ਦੀ ਚਿਤਾਵਨੀ ਦਿੱਤੀ ਹੈ। ਪੁਤਿਨ ਨੇ ਕਿਹਾ ਕਿ ਜੇਕਰ ਅਮਰੀਕਾ ਯੂਕਰੇਨ 'ਚ ਆਪਣੀ ਫੌਜ ਭੇਜਦਾ ਹੈ ਤਾਂ ਜੰਗ ਹੋਰ ਵਧ ਸਕਦੀ ਹੈ। ਦਰਅਸਲ ਰੂਸੀ ਸਮਾਚਾਰ ਏਜੰਸੀ ਆਰਆਈਏ ਨੇ ਪੁਤਿਨ ਨੂੰ ਸਵਾਲ ਪੁੱਛਿਆ ਸੀ ਕਿ ਕੀ ਰੂਸ ਪਰਮਾਣੂ ਯੁੱਧ ਲਈ ਤਿਆਰ ਹੈ।



ਇਸ 'ਤੇ ਰੂਸੀ ਰਾਸ਼ਟਰਪਤੀ ਨੇ ਕਿਹਾ ਕਿ ਅਸੀਂ ਫਿਲਹਾਲ ਪਰਮਾਣੂ ਯੁੱਧ ਵੱਲ ਨਹੀਂ ਵਧ ਰਹੇ ਹਾਂ। ਸਾਨੂੰ ਅਜੇ ਤੱਕ ਇਸਦੀ ਲੋੜ ਮਹਿਸੂਸ ਨਹੀਂ ਹੋਈ। ਪਰ ਜੇਕਰ ਇਸ ਨੂੰ ਫੌਜੀ ਜਾਂ ਤਕਨੀਕੀ ਆਧਾਰ 'ਤੇ ਪੁੱਛਿਆ ਜਾਵੇ ਤਾਂ ਅਸੀਂ ਇਸ ਲਈ ਤਿਆਰ ਹਾਂ। ਅਮਰੀਕਾ ਸਮਝਦਾ ਹੈ ਕਿ ਜੇਕਰ ਉਸ ਨੇ ਰੂਸ ਜਾਂ ਯੂਕਰੇਨ ਵਿਚ ਅਮਰੀਕੀ ਫੌਜ ਭੇਜੀ ਤਾਂ ਰੂਸ ਇਸ ਕਦਮ ਨੂੰ ਦਖਲਅੰਦਾਜ਼ੀ ਸਮਝੇਗਾ।

ਇੰਟਰਵਿਊ 'ਚ ਪੁਤਿਨ ਨੇ ਅੱਗੇ ਕਿਹਾ ਕਿ ਸਾਡੇ ਕੋਲ ਪਰਮਾਣੂ ਹਥਿਆਰ ਸਿਰਫ ਵਰਤੋਂ ਲਈ ਹਨ। ਹਾਲਾਂਕਿ, ਉਨ੍ਹਾਂ ਦੀ ਵਰਤੋਂ ਬਾਰੇ ਰੂਸ ਦੇ ਆਪਣੇ ਸਿਧਾਂਤ ਹਨ। ਜੇਕਰ ਰੂਸ 'ਤੇ ਪ੍ਰਮਾਣੂ ਜਾਂ ਹੋਰ ਹਥਿਆਰਾਂ ਨਾਲ ਹਮਲਾ ਕੀਤਾ ਜਾਂਦਾ ਹੈ ਜੋ ਤਬਾਹੀ ਦਾ ਕਾਰਨ ਬਣ ਸਕਦੇ ਹਨ, ਤਾਂ ਰੂਸ ਪ੍ਰਮਾਣੂ ਹਥਿਆਰਾਂ ਦੀ ਵਰਤੋਂ ਕਰ ਸਕਦਾ ਹੈ।

ਪੁਤਿਨ ਨੇ ਕਿਹਾ ਕਿ ਜੇਕਰ ਰੂਸ ਦੀ ਹੋਂਦ ਖਤਰੇ 'ਚ ਹੈ ਤਾਂ ਅਸੀਂ ਯਕੀਨੀ ਤੌਰ 'ਤੇ ਆਪਣੀ ਰੱਖਿਆ ਕਰਾਂਗੇ। ਅਸੀਂ ਯੂਕਰੇਨ ਨਾਲ ਪੂਰੀ ਗੰਭੀਰਤਾ ਨਾਲ ਗੱਲਬਾਤ ਕਰਨ ਲਈ ਤਿਆਰ ਹਾਂ, ਪਰ ਇਹ ਅੱਜ ਦੀ ਹਕੀਕਤ 'ਤੇ ਆਧਾਰਿਤ ਹੋਣਾ ਚਾਹੀਦਾ ਹੈ।

ਪ੍ਰਮਾਣੂ ਹਥਿਆਰਾਂ 'ਤੇ ਗੱਲ ਕਰਦੇ ਹੋਏ ਰੂਸੀ ਰਾਸ਼ਟਰਪਤੀ ਨੇ ਕਿਹਾ ਕਿ ਜੇਕਰ ਅਮਰੀਕਾ ਪ੍ਰਮਾਣੂ ਪ੍ਰੀਖਣ ਕਰਦਾ ਹੈ ਤਾਂ ਸੰਭਵ ਹੈ ਕਿ ਅਸੀਂ ਵੀ ਅਜਿਹਾ ਹੀ ਕਰਾਂਗੇ। ਹਾਲਾਂਕਿ, ਰੂਸ-ਅਮਰੀਕੀ ਸਬੰਧਾਂ ਨੂੰ ਲੈ ਕੇ ਅਮਰੀਕਾ ਵਿੱਚ ਰਣਨੀਤਕ ਸੰਜਮ ਦੇ ਖੇਤਰ ਵਿੱਚ ਬਹੁਤ ਸਾਰੇ ਮਾਹਰ ਹਨ। ਇਸ ਲਈ ਮੈਨੂੰ ਨਹੀਂ ਲੱਗਦਾ ਕਿ ਮਾਮਲਾ ਪ੍ਰਮਾਣੂ ਯੁੱਧ ਤੱਕ ਪਹੁੰਚ ਜਾਵੇਗਾ।

## ਪਾਕਿਸਤਾਨ ’ਚ ਦਿਲੀਪ ਕੁਮਾਰ ਦਾ ਜੱਦੀ ਘਰ ਖਸਤਾ ਹਾਲਤ ਵਿਚ, ਭਾਰੀ ਮੀਂਹ ਕਾਰਨ ਨੁਕਸਾਨਿਆ ਗਿਆ



ਨਵੀਂ ਦਿੱਲੀ, 13 ਮਾਰਚ (ਪੋਸਟ ਬਿਊਰੋ): ਬਾਲੀਵੁੱਡ ਦੇ ਦਿੱਗਜ, ਮਰਹੂਮ ਅਭਿਨੇਤਾ ਦਿਲੀਪ ਕੁਮਾਰ ਦੀ ਵਿਰਾਸਤ ਪਾਕਿਸਤਾਨ ਵਿੱਚ ਇੱਕ ਵੱਡੇ ਖ਼ਤਰੇ ਦਾ ਸਾਹਮਣਾ ਕਰ ਰਹੀ ਹੈ। ਦਲੀਪ ਕੁਮਾਰ ਦੀਆਂ ਜੜ੍ਹਾਂ ਪਾਕਿਸਤਾਨ ਵਿੱਚ ਸਨ ਅਤੇ ਉਨ੍ਹਾਂ ਦਾ ਜੱਦੀ ਘਰ ਅੱਜ ਵੀ ਉੱਥੇ ਹੀ ਹੈ। ਪਰ ਹੁਣ ਇਹ ਘਰ ਬੁਰੀ ਤਰ੍ਹਾਂ ਨੁਕਸਾਨਿਆ ਗਿਆ ਹੈ।

ਰਿਪੋਰਟਾਂ ਵਿਚ ਕਿਹਾ ਗਿਆ ਹੈ ਕਿ ਪਾਕਿਸਤਾਨ ਵਿਚ ਪਿਛਲੇ ਕਈ ਦਿਨਾਂ ਤੋਂ ਹੋ ਰਹੀ ਭਾਰੀ ਬਾਰਿਸ਼ ਕਾਰਨ ਇਸ ਘਰ ਨੂੰ ਕਾਫੀ ਨੁਕਸਾਨ ਹੋਇਆ ਹੈ। ਦੱਸ ਦੇਈਏ ਕਿ ਦਿਲੀਪ ਸਾਹਬ ਦਾ ਘਰ ਪਾਕਿਸਤਾਨ ਦੇ ਖੈਬਰ ਪਖਤੂਨਖਵਾ ਇਲਾਕੇ ਵਿੱਚ ਹੈ। 2014 ਵਿੱਚ, ਪਾਕਿਸਤਾਨ ਨੇ ਇਸਨੂੰ 'ਰਾਸ਼ਟਰੀ ਵਿਰਾਸਤੀ ਸਮਾਰਕ' ਘੋਸ਼ਿਤ ਕੀਤਾ ਸੀ। ਮਾਰਚ ਦੀ ਸ਼ੁਰੂਆਤ ਤੋਂ ਹੀ ਪਾਕਿਸਤਾਨ ਦੇ ਕਈ ਇਲਾਕਿਆਂ 'ਚ ਭਾਰੀ ਮੀਂਹ ਨੇ ਤਬਾਹੀ ਮਚਾਈ ਹੋਈ ਹੈ। ਰਿਪੋਰਟਾਂ ਵਿੱਚ ਕਿਹਾ ਗਿਆ ਹੈ ਕਿ ਇਸ ਭਿਆਨਕ ਬਾਰਿਸ਼ ਕਾਰਨ ਉੱਥੇ 30 ਤੋਂ ਵੱਧ ਲੋਕਾਂ ਦੀ ਮੌਤ ਹੋ ਚੁੱਕੀ ਹੈ। ਮੀਂਹ ਨੇ ਖੈਬਰ ਪਖਤੂਨਖਵਾ ਪੁਰਾਲੇਖ ਵਿਭਾਗ ਦੀ ਵੀ ਪੋਲ ਖੋਲ੍ਹ ਦਿੱਤੀ ਹੈ, ਜਿਸ ਨੇ ਦਲੀਪ ਕੁਮਾਰ ਦੇ ਘਰ ਦੀ ਮੁਰੰਮਤ ਅਤੇ ਸਾਂਭ ਸੰਭਾਲ ਦਾ ਦਾਅਵਾ ਕੀਤਾ ਸੀ।

# ਜੋਸ਼ ’ਚ ਲਾੜੇ ਨੂੰ ਕਾਰ ’ਤੇ ਸਟੰਟ ਕਰਨਾ ਪੈ ਗਿਆ ਭਾਰੀ, ਪੁਲਿਸ ਨੇ ਲਿਆ ਹਿਰਾਸਤ ਵਿਚ

ਮੁਜ਼ਫਰਨਗਰ, 13 ਮਾਰਚ (ਪੋਸਟ ਬਿਊਰੋ): ਉੱਤਰ ਪ੍ਰਦੇਸ਼ ਦੇ ਮੁਜ਼ੱਫਰਨਗਰ 'ਚ ਵਿਆਹ 'ਚ ਬਰਾਤ ਲੈ ਕੇ ਜਾ ਰਹੇ ਲਾੜੇ ਨੂੰ ਆਪਣੀ ਕਾਰ 'ਤੇ ਸਟੰਟ ਕਰਨਾ ਭਾਰੀ ਪੈ ਗਿਆ। ਉਹ ਕਾਰ ਦੇ ਉੱਪਰ ਖੜ੍ਹਾ ਸੀ ਅਤੇ ਡਰੋਨ ਨਾਲ ਵੀਡੀਓ ਸ਼ੂਟ ਕਰ ਰਿਹਾ ਸੀ। ਜਿਸ 'ਤੇ ਪੁਲਿਸ ਨੇ ਲਾੜੇ ਦੀ ਕਾਰ ਨੂੰ ਰੋਕ ਕੇ ਆਪਣੀ ਹਿਰਾਸਤ 'ਚ ਲੈ ਲਿਆ। ਜਿਸ ਤੋਂ ਬਾਅਦ ਵਿਆਹ 'ਚ ਆਏ ਮਹਿਮਾਨਾਂ ਨੇ ਪੁਲਸ ਦੇ ਸਾਹਮਣੇ ਤਰਲੇ ਕੱਢਣੇ ਸ਼ੁਰੂ ਕਰ ਦਿੱਤੇ। ਘਟਨਾ ਦੀ ਵੀਡੀਓ ਸੋਸ਼ਲ ਮੀਡੀਆ 'ਤੇ ਵਾਇਰਲ ਹੋ ਰਹੀ ਹੈ।



ਅੰਕਿਤ ਨਾਮ ਦੇ ਲਾੜੇ ਦੀ ਬਰਾਤ

ਦਰਅਸਲ, ਬੀਤੇ ਮੰਗਲਵਾਰ ਨੂੰ ਸਹਾਰਨਪੁਰ ਦੇ ਭੈਲਾ ਪਿੰਡ ਦੇ ਮੇਰਠ ਦੇ ਕੁਸਾਵਾਲੀ ਪਿੰਡ ਜਾ ਰਹੀ ਸੀ। ਇਸ ਦੌਰਾਨ ਮੁਜ਼ੱਫਰਨਗਰ ਦੇ ਮਨਸੂਰਪੁਰ ਥਾਣਾ ਖੇਤਰ 'ਚ ਸਥਿਤ ਦਿੱਲੀ-ਦੇਹਰਾਦੂਨ ਨੈਸ਼ਨਲ ਹਾਈਵੇ 'ਤੇ ਲਾੜਾ ਕਾਰ ਦੀ ਛੱਤ 'ਤੇ ਚੜ੍ਹ ਗਿਆ ਅਤੇ ਡਰੋਨ ਕੈਮਰੇ ਨਾਲ ਵੀਡੀਓ ਸ਼ੂਟ ਕਰਨਾ ਸ਼ੁਰੂ ਕਰ ਦਿੱਤਾ। ਇਸ ਦੀ ਸੂਚਨਾ ਮਿਲਦੇ ਹੀ ਪੁਲਿਸ ਹਰਕਤ 'ਚ ਆ ਗਈ।

ਪੁਲਸ ਨੇ ਲਾੜੇ ਦੀ ਕਾਰ ਨੂੰ ਰੋਕ ਕੇ ਉਸ ਨੂੰ ਹਿਰਾਸਤ 'ਚ ਲੈ ਲਿਆ। ਪੁਲਿਸ ਨੇ ਹੁਣ ਇਸ ਮਾਮਲੇ 'ਚ ਅਗਲੇਰੀ ਕਾਰਵਾਈ ਸ਼ੁਰੂ ਕਰ ਦਿੱਤੀ ਹੈ। ਇਸ ਦੇ ਨਾਲ ਹੀ ਪੁਲਸ ਦੀ ਇਸ ਕਾਰਵਾਈ ਤੋਂ ਲਾੜੇ ਦਾ ਪੱਖ ਵੀ ਪ੍ਰੇਸ਼ਾਨ ਹੋ ਗਿਆ। ਰਸਤੇ ਵਿੱਚ ਪੁਲਿਸ ਅਤੇ ਬਰਾਤੀਆਂ ਨਾਲ ਵਿੱਚ ਲੰਮੀ ਗੱਲਬਾਤ ਹੋਈ। ਅਖੀਰ ਪੁਲਿਸ ਲਾੜੇ ਦੀ ਕਾਰ ਆਪਣੇ ਨਾਲ ਲੈ ਗਈ।

ਇਸ ਘਟਨਾ ਦੀ ਜਾਣਕਾਰੀ ਦਿੰਦੇ ਹੋਏ ਸੀਓ ਖਤੌਲੀ ਯਤੇਂਦਰ ਨਗਰ ਨੇ ਦੱਸਿਆ ਕਿ ਮਨਸੂਰਪੁਰ ਥਾਣਾ ਖੇਤਰ 'ਚ ਐੱਨਐੱਚ-58 'ਤੇ ਲਾੜੇ ਦੀ ਕਾਰ ਨੂੰ ਕਾਬੂ ਕੀਤਾ ਗਿਆ ਹੈ। ਲਾੜੇ ਦੀ ਪਾਰਟੀ ਵਿਆਹ ਦੀ ਬਰਾਤ ਲੈ ਕੇ ਸਰਧਾਨਾ ਜਾ ਰਹੀ ਸੀ। ਰਸਤੇ 'ਚ ਲਾੜੇ ਨੇ ਕਾਰ ਦੀ ਛੱਤ 'ਤੇ ਚੜ੍ਹ ਕੇ ਸਟੰਟ ਕੀਤਾ। ਇਸ ਵਾਇਰਲ ਵੀਡੀਓ ਦਾ ਨੋਟਿਸ ਲੈਂਦਿਆਂ ਥਾਣਾ ਮਨਸੂਰਪੁਰ ਪੁਲਿਸ ਨੇ ਗੱਡੀ ਨੂੰ ਜ਼ਬਤ ਕਰ ਲਿਆ ਹੈ। ਜੋ ਵੀ ਜ਼ਰੂਰੀ ਕਾਨੂੰਨੀ ਕਾਰਵਾਈ ਹੈ ਕੀਤੀ ਜਾ ਰਹੀ ਹੈ।

## ਭਾਰਤ ਜੋੜੋ ਯਾਤਰਾ ਦੌਰਾਨ ਰਾਹੁਲ ਗਾਂਧੀ ਨੇ ਸੀਨੀਅਰ ਨੇਤਾ ਦਾਜੀ ਸਾਹਿਬ ਦਾ ਹਾਲ-ਚਾਲ ਪੁੱਛਿਆ



ਨਵੀਂ ਦਿੱਲੀ, 13 ਮਾਰਚ (ਪੋਸਟ ਬਿਊਰੋ): ਸੰਸਦ ਮੈਂਬਰ ਰਾਹੁਲ ਗਾਂਧੀ ਭਾਰਤ ਜੋੜੋ ਯਾਤਰਾ ਦੇ ਮੌਕੇ 'ਤੇ ਅੱਜ ਮਹਾਰਾਸ਼ਟਰ ਦੇ ਧੂਲੇ ਪਹੁੰਚੇ। ਉਨ੍ਹਾਂ ਨੇ ਸਭ ਤੋਂ ਪਹਿਲਾਂ ਕਾਂਗਰਸ ਦੇ ਸੀਨੀਅਰ ਨੇਤਾ ਅਤੇ ਸਾਬਕਾ ਮੰਤਰੀ ਦਾਜੀ ਸਾਹਿਬ ਰੋਹੀਦਾਸ ਪਾਟਿਲ ਨਾਲ ਦੇਵਪੁਰ ਧੂਲੇ ਸਥਿਤ ਉਨ੍ਹਾਂ ਦੀ ਰਿਹਾਇਸ਼ 'ਤੇ ਮੁਲਾਕਾਤ ਕੀਤੀ। ਇਸ ਦੌਰਾਨ ਰਾਹੁਲ ਨੇ ਪੁੱਛਿਆ ਕਿ ਦਾਜੀ ਸਾਹਿਬ ਕਿਵੇਂ ਹੋ? ਰਾਹੁਲ ਗਾਂਧੀ ਨੇ ਵੀ ਉਨ੍ਹਾਂ ਨੂੰ ਜੱਫੀ ਪਾਈ। ਰਾਹੁਲ ਗਾਂਧੀ ਨੇ ਦਾਜੀ ਸਾਹਿਬ ਰੋਹੀਦਾਸ ਪਾਟਿਲ ਦੀ ਸਿਹਤ ਅਤੇ ਇਲਾਜ ਬਾਰੇ ਜਾਣਕਾਰੀ ਲਈ।

ਇਸ ਮੌਕੇ ਰਾਹੁਲ ਗਾਂਧੀ ਨੇ ਦਾਜੀ ਸਾਹਬ ਰੋਹੀਦਾਸ ਪਾਟਿਲ ਦੀ ਪਤਨੀ ਲਤਾਤਾਈ ਨੇ ਸੋਨੀਆ ਗਾਂਧੀ ਨਾਲ ਉਨ੍ਹਾਂ ਦੇ ਮੋਬਾਈਲ ਫੋਨ 'ਤੇ ਸਿੱਧੀ ਗੱਲ ਕੀਤੀ। ਸੋਨੀਆ ਗਾਂਧੀ ਨੇ ਦਾਜੀ ਸਾਹਿਬ ਦਾ ਹਾਲ-ਚਾਲ ਵੀ ਪੁੱਛਿਆ। ਇਸ ਮੌਕੇ ਵਿਧਾਇਕ ਕੁਨਾਲ ਪਾਟਿਲ ਅਸ਼ਵਨੀਤਾਈ ਕੁਨਾਲ ਪਾਟਿਲ, ਨਾਨਾ ਪਟੋਲੇ, ਬਾਲਾਸਾਹਿਬ ਥੋਰਾਟ, ਡਾ. ਦਿਲੀਪ ਪਾਟਿਲ ਹਾਜ਼ਰ ਸਨ।

## ਪਾਕਿਸਤਾਨੀਆਂ ਨੂੰ ਭਾਰਤ ’ਚ ਵਸਾਉਣਾ ਚਾਹੁੰਦੇ ਹਨ, ਇਹ ਵੋਟ ਬੈਂਕ ਦੀ ਰਾਜਨੀਤੀ ਹੈ, ਸੀਏਏ ’ਤੇ ਬੋਲੇ ਕੇਜਰੀਵਾਲ

ਨਵੀਂ ਦਿੱਲੀ, 13 ਮਾਰਚ (ਪੋਸਟ ਬਿਊਰੋ): ਸੀਏਏ ਪੂਰੇ ਦੇਸ਼ ਵਿੱਚ ਲਾਗੂ ਹੋ ਗਿਆ ਹੈ। ਦਿੱਲੀ ਦੇ ਮੁੱਖ ਮੰਤਰੀ ਅਰਵਿੰਦ ਕੇਜਰੀਵਾਲ ਨੇ ਇਸ ਕਦਮ ਨੂੰ ਲੈ ਕੇ ਕੇਂਦਰ ਸਰਕਾਰ 'ਤੇ ਹਮਲਾ ਬੋਲਿਆ ਹੈ। ਦਿੱਲੀ ਦੇ ਮੁੱਖ ਮੰਤਰੀ ਨੇ ਕਿਹਾ ਆਖ਼ਰ ਇਹ ਸੀਏਏ ਹੈ ਕੀ? ਕੇਂਦਰ ਸਰਕਾਰ ਦਾ ਕਹਿਣਾ ਹੈ ਕਿ ਜੇਕਰ ਬੰਗਲਾਦੇਸ਼, ਪਾਕਿਸਤਾਨ ਅਤੇ ਅਫਗਾਨਿਸਤਾਨ ਦੇ ਘੱਟ ਗਿਣਤੀ ਭਾਰਤੀ ਨਾਗਰਿਕਤਾ (ਨਾਗਰਿਕਤਾ ਸੋਧ ਕਾਨੂੰਨ) ਲੈਣਾ ਚਾਹੁੰਦੇ ਹਨ ਤਾਂ ਇਹ ਉਨ੍ਹਾਂ ਨੂੰ ਦਿੱਤੀ ਜਾਵੇਗੀ। ਅਰਵਿੰਦ ਕੇਜਰੀਵਾਲ ਨੇ ਕਿਹਾ ਕਿ ਇਸ ਦਾ ਮਤਲਬ ਹੈ ਕਿ ਇਨ੍ਹਾਂ ਦੇਸ਼ਾਂ ਤੋਂ ਵੱਡੀ ਗਿਣਤੀ ਵਿਚ ਘੱਟ ਗਿਣਤੀਆਂ ਨੂੰ ਲਿਆਂਦਾ ਜਾਵੇਗਾ ਅਤੇ ਉਨ੍ਹਾਂ ਨੂੰ ਰੁਜ਼ਗਾਰ ਦਿੱਤਾ ਜਾਵੇਗਾ, ਉਨ੍ਹਾਂ ਲਈ ਘਰ ਬਣਾਏ ਜਾਣਗੇ ਅਤੇ ਉਨ੍ਹਾਂ ਨੂੰ ਇੱਥੇ ਵਸਾਇਆ ਜਾਵੇਗਾ, ਇਹ ਇਕ ਅਜੀਬ ਗੱਲ ਹੈ।



ਮੁੱਖ ਮੰਤਰੀ ਕੇਜਰੀਵਾਲ ਨੇ ਕਿਹਾ ਕਿ ਕੇਂਦਰ ਸਰਕਾਰ ਸਾਡੇ ਬੱਚਿਆਂ ਨੂੰ ਰੁਜ਼ਗਾਰ ਦੇਣ ਦੇ ਸਮਰੱਥ ਨਹੀਂ ਹੈ ਪਰ ਉਨ੍ਹਾਂ ਦੇ ਬੱਚਿਆਂ ਨੂੰ ਪਾਕਿਸਤਾਨ ਤੋਂ ਲਿਆ ਕੇ ਰੁਜ਼ਗਾਰ ਦੇਣਾ ਚਾਹੁੰਦੀ ਹੈ। ਭਾਰਤ ਵਿੱਚ ਬਹੁਤ ਸਾਰੇ ਲੋਕ ਬੇਘਰ ਹਨ, ਪਰ ਭਾਜਪਾ ਪਾਕਿਸਤਾਨ ਤੋਂ ਲੋਕਾਂ ਨੂੰ ਲਿਆ ਕੇ ਇੱਥੇ ਵਸਾਉਣਾ ਚਾਹੁੰਦੀ ਹੈ। ਉਨ੍ਹਾਂ ਕਿਹਾ ਕਿ ਭਾਰਤ ਸਰਕਾਰ ਦਾ ਜੋ ਪੈਸਾ ਸਾਡੇ ਵਿਕਾਸ 'ਤੇ ਖਰਚ ਹੋਣਾ ਚਾਹੀਦਾ ਹੈ, ਉਹ ਪਾਕਿਸਤਾਨੀਆਂ ਨੂੰ ਭਾਰਤ 'ਚ ਵਸਾਉਣ 'ਤੇ ਖਰਚ ਕੀਤਾ ਜਾਵੇਗਾ। ਕੇਜਰੀਵਾਲ ਨੇ ਕਿਹਾ ਕਿ ਇਨ੍ਹਾਂ ਦੇਸ਼ਾਂ ਵਿੱਚ ਲਗਭਗ 2.5 ਤੋਂ 3 ਕਰੋੜ ਘੱਟ ਗਿਣਤੀਆਂ ਹਨ, ਜਿਵੇਂ ਹੀ ਭਾਰਤ ਆਪਣੇ ਦਰਵਾਜ਼ੇ ਖੋਲ੍ਹੇਗਾ, ਇੱਕ ਵੱਡੀ ਭੀੜ ਸਾਡੇ ਦੇਸ਼ ਵਿੱਚ ਆ ਜਾਵੇਗੀ।






# ਪਾਕਿਸਤਾਨ ਦੇ ਰਾਸ਼ਟਰਪਤੀ ਜ਼ਰਦਾਰੀ ਨੇ ਦੇਸ਼ ਦੀ ਆਰਥਿਕ ਹਾਲਤ ਦੇਖਦਿਆਂ ਤਨਖਾਹ ਨਾ ਲੈਣ ਦਾ ਕੀਤਾ ਫੈਸਲਾ

ਇਸਲਾਮਾਬਾਦ, 13 ਮਾਰਚ (ਪੋਸਟ ਬਿਊਰੋ): ਪਾਕਿਸਤਾਨ ਦੇ ਨਵੇਂ ਰਾਸ਼ਟਰਪਤੀ ਆਸਿਫ ਅਲੀ ਜ਼ਰਦਾਰੀ ਤਨਖਾਹ ਨਹੀਂ ਲੈਣਗੇ। ਉਨ੍ਹਾਂ ਨੇ ਇਹ ਫੈਸਲਾ ਆਰਥਿਕ ਸੰਕਟ ਨਾਲ ਜੂਝ ਰਹੇ ਦੇਸ਼ ਦੀ ਹਾਲਤ ਨੂੰ ਦੇਖਦੇ ਹੋਏ ਲਿਆ ਹੈ। ਗ੍ਰਹਿ ਮੰਤਰੀ ਮੋਹਸਿਨ ਨਕਵੀ ਨੇ ਵੀ ਤਨਖਾਹ ਨਾ ਲੈਣ ਦਾ ਐਲਾਨ ਕੀਤਾ ਹੈ।

ਜ਼ਰਦਾਰੀ ਦੀ ਪਾਰਟੀ ਪਾਕਿਸਤਾਨ ਪੀਪਲਜ਼ ਪਾਰਟੀ (ਪੀਪੀਪੀ)



ਨੇ ਆਪਣੇ ਐਕਸ ਅਕਾਊਂਟ 'ਤੇ ਲਿਖਿਆ ਕਿ ਰਾਸ਼ਟਰਪਤੀ ਜ਼ਰਦਾਰੀ ਦੇਸ਼ ਦੀ ਮਦਦ ਲਈ ਆਪਣੇ ਕਾਰਜਕਾਲ ਦੌਰਾਨ ਕੋਈ ਤਨਖਾਹ ਨਹੀਂ ਲੈਣਗੇ। ਉਨ੍ਹ ਨੇ ਵਿੱਤੀ ਪ੍ਰਬੰਧਨ ਅਤੇ ਰਾਸ਼ਟਰੀ ਮਾਲੀਏ 'ਤੇ ਬੋਝ ਨਾ ਪਾਉਣ ਦਾ ਫੈਸਲਾ ਕੀਤਾ ਹੈ। ਸਾਬਕਾ ਰਾਸ਼ਟਰਪਤੀ ਆਰਿਫ ਅਲਵੀ ਨੂੰ ਹਰ ਮਹੀਨੇ 8 ਲੱਖ 46 ਹਜ਼ਾਰ ਪਾਕਿਸਤਾਨੀ ਰੁਪਏ ਤਨਖਾਹ ਵਜੋਂ ਮਿਲਦੇ ਸਨ। ਇਹ ਤਨਖਾਹ 2018 ਵਿੱਚ ਸੰਸਦ ਦੁਆਰਾ ਤੈਅ ਕੀਤੀ ਗਈ ਸੀ।

Allseas Fisheries Inc. is Hiring!
DZ licensed delivery drivers needed.
Pay is $24/hour. Full time, permanent
Should work any day of the week, including weekends.
If interested, please forward resume to rgidda@allseas.net









# ਭਾਰਤੀ ਕਿਸਾਨ ਯੂਨੀਅਨ ਦੁਆਬਾ ਵੱਲੋਂ ਡਾ. ਕੁਲਵਿੰਦਰ ਸਿੰਘ ਢਾਹਾਂ ਦਾ ਸਨਮਾਨ



ਬੰਗਾ, 13 ਮਾਰਚ (ਪੋਸਟ ਬਿਊਰੋ): ਮੇਰੀਲੈਂਡ ਯੂਨੀਵਰਸਿਟੀ ਯੂ ਐਸ ਏ ਵੱਲੋਂ ਡਾਕਟਰ ਆਫ਼ ਫਿਲਾਸਫੀ ਦੀ ਉਪਾਧੀ ਨਾਲ ਸਨਮਾਨਿਤ ਅਤੇ ਗੁਰੂ ਨਾਨਕ ਮਿਸ਼ਨ ਮੈਡੀਕਲ ਐਂਡ ਐਜੂਕੇਸ਼ਨਲ ਟਰੱਸਟ ਢਾਹਾਂ ਕਲੇਰਾਂ ਦੇ ਪ੍ਰਧਾਨ ਡਾ. ਕੁਲਵਿੰਦਰ ਸਿੰਘ ਢਾਹਾਂ ਦਾ ਸਨਮਾਨ ਭਾਰਤੀ ਕਿਸਾਨ ਯੂਨੀਅਨ ਦੁਆਬਾ ਵਲੋਂ ਕੀਤਾ ਗਿਆ । ਯੂਨੀਅਨ ਦੇ ਸੀਨੀਅਰ ਮੀਤ ਪ੍ਰਧਾਨ ਸ. ਕਿਰਪਾਲ ਸਿੰਘ ਮੂਸਾਪੁਰ (ਜਲੰਧਰ) ਅਤੇ ਸ. ਸਤਨਾਮ ਸਿੰਘ ਸਾਹਨੀ ਸੂਬਾ ਜਰਨਲ ਸਕੱਤਰ ਨੇ ਸਮਾਜ ਸੇਵਾ ਖੇਤਰ 'ਚ ਮੋਹਰੀ ਰਹਿ ਕੇ ਕੰਮ ਕਰਨ ਵਾਲੇ ਡਾ. ਕੁਲਵਿੰਦਰ ਸਿੰਘ ਢਾਹਾਂ ਨੂੰ ਟਰੱਸਟ ਦੇ ਪ੍ਰਧਾਨ ਵਜੋਂ ਜ਼ਿੰਮੇਵਾਰੀ ਸੰਭਾਲਣ ਦੀ ਭਾਰਤੀ ਕਿਸਾਨ ਯੂਨੀਅਨ ਵੱਲੋਂ ਤਹਿਦਿਲੋਂ ਵਧਾਈ ਦਿੱਤੀ ਅਤੇ ਯੂਨੀਅਨ ਵੱਲੋਂ ਹਰ ਤਰ੍ਹਾਂ ਨਾਲ ਉਹਨਾਂ ਨੂੰ ਭਰਪੂਰ ਸਹਿਯੋਗ ਦੇਣ ਦਾ ਭਰੋਸਾ ਦਿਵਾਇਆ।

ਡਾ. ਕੁਲਵਿੰਦਰ ਸਿੰਘ ਢਾਹਾਂ ਨੇ ਭਾਰਤੀ ਕਿਸਾਨ ਯੂਨੀਅਨ ਦੁਆਬਾ ਦਾ ਧੰਨਵਾਦ ਕਰਦੇ ਕਿਹਾ ਕਿ ਉਹਨਾਂ ਦੇ ਦਰਵਾਜ਼ੇ ਲੋੜਵੰਦਾਂ ਦੀ ਸੇਵਾ ਲਈ 24 ਘੰਟੇ ਖੁੱਲ੍ਹੇ ਹਨ । ਡਾ. ਢਾਹਾਂ ਨੇ ਕਿਹਾ ਕਿ ਸਮੂਹ ਟਰੱਸਟੀਆਂ ਅਤੇ ਸੰਗਤਾਂ ਨੇ ਉਨ੍ਹਾਂ 'ਤੇ ਵਿਸ਼ਵਾਸ ਕਰਕੇ ਜੋ ਜ਼ਿੰਮੇਵਾਰੀ ਸੌਂਪੀ ਹੈ, ਉਸ ਨੂੰ ਪੂਰੀ ਤਨਦੇਹੀ ਨਾਲ ਨਿਭਾਉਣਗੇ । ਇਸ ਮੌਕੇ ਪ੍ਰੋ: ਹਰਬੰਸ ਸਿੰਘ ਬੋਲੀਨਾ ਡਾਇਰੈਕਟਰ ਸਿੱਖਿਆ ਅਤੇ ਸ ਮਹਿੰਦਰਪਾਲ ਸਿੰਘ ਸੁਪਰਡੈਂਟ ਵੀ ਹਾਜ਼ਰ ਸਨ ।

# ਪੰਜਾਬ ਦੇ ਮੁੱਖ ਚੋਣ ਅਧਿਕਾਰੀ ਵੱਲੋਂ ਰਾਜ ਪੱਧਰੀ ਐਮਸੀਐਮਸੀ ਅਤੇ ਸਰਟੀਫਿਕੇਸ਼ਨ ਆਫ ਐਡਵਰਟਾਈਜ਼ਮੈਂਟ ਕਮੇਟੀਆਂ ਦਾ ਗਠਨ

ਚੰਡੀਗੜ੍ਹ, 13 ਮਾਰਚ (ਪੋਸਟ ਬਿਊਰੋ): ਪੰਜਾਬ ਦੇ ਮੁੱਖ ਚੋਣ ਅਧਿਕਾਰੀ ਸਿਬਿਨ ਸੀ ਨੇ ਭਾਰਤੀ ਚੋਣ ਕਮਿਸ਼ਨ ਦੀਆਂ ਹਦਾਇਤਾਂ ਅਨੁਸਾਰ ਰਾਜ ਪੱਧਰੀ ਮੀਡੀਆ ਸਰਟੀਫਿਕੇਸ਼ਨ ਤੇ ਮੋਨੀਟਰਿੰਗ ਕਮੇਟੀ (ਐਮਸੀਐਮਸੀ) ਅਤੇ ਸਰਟੀਫਿਕੇਸ਼ਨ ਆਫ ਐਡਵਰਟਾਈਜ਼ਮੈਂਟ ਕਮੇਟੀਆਂ ਦਾ ਗਠਨ ਕਰ ਦਿੱਤਾ ਹੈ।



ਉਨ੍ਹਾਂ ਦੱਸਿਆ ਕਿ ਐਮਸੀਐਮਸੀ ਲਈ 6 ਮੈਂਬਰੀ ਕਮੇਟੀ ਬਣਾਈ ਗਈ ਹੈ ਜਦਕਿ ਸਰਟੀਫਿਕੇਸ਼ਨ ਆਫ ਐਡਵਰਟਾਈਜ਼ਮੈਂਟ ਕਮੇਟੀ ਵਿਚ 4 ਮੈਂਬਰ ਹੋਣਗੇ। ਐਮਸੀਐਮਸੀ ਦੇ ਚੇਅਰਮੈਨ ਪੰਜਾਬ ਦੇ ਮੁੱਖ ਚੋਣ ਅਧਿਕਾਰੀ ਸਿਬਿਨ ਸੀ ਹੋਣਗੇ ਜਦਕਿ ਵਧੀਕ ਮੁੱਖ ਚੋਣ ਅਧਿਕਾਰੀ ਅਭਿਜੀਤ ਕਪਲਿਸ਼ ਮੈਂਬਰ ਸਕੱਤਰ ਹੋਣਗੇ। ਇਸ ਤੋਂ ਇਲਾਵਾ ਪ੍ਰੈੱਸ ਇਨਫਾਰਮੇਸ਼ਨ ਬਿਊਰੋ (ਪੀਆਈਬੀ) ਵੱਲੋਂ ਨਾਮਜਦ ਡੀ.ਜੀ./ਏ.ਡੀ.ਜੀ ਪੱਧਰ ਦੇ ਅਧਿਕਾਰੀ ਨੋਡਲ ਅਫਸਰ ਹੋਣਗੇ। 3 ਮੈਂਬਰਾਂ ਵਿਚ ਵਧੀਕ ਡਾਇਰੈਕਟਰ ਸੀਬੀਸੀ ਚੰਡੀਗੜ੍ਹ ਬਲਜੀਤ ਸਿੰਘ, ਭਾਰਤੀ ਚੋਣ ਕਮਿਸ਼ਨ ਵੱਲੋਂ ਆਨੰਦਪੁਰ ਸਾਹਿਬ ਪਾਰਲੀਮਾਨੀ ਹਲਕੇ ਵਿਚ ਨਿਯੁਕਤ ਆਬਜ਼ਰਬਰ ਅਤੇ ਪ੍ਰੈੱਸ ਕੌਂਸਲ ਆਫ ਇੰਡੀਆ ਵੱਲੋਂ ਨਾਮਜ਼ਦ ਮੈਂਬਰ ਵਿਨੋਦ ਕੋਹਲੀ ਸ਼ਾਮਲ ਹਨ।

ਇਸੇ ਤਰ੍ਹਾਂ ਸਰਟੀਫਿਕੇਸ਼ਨ ਆਫ ਐਡਵਰਟਾਈਜ਼ਮੈਂਟ ਕਮੇਟੀ ਦੇ ਚੇਅਰਮੈਨ ਵਧੀਕ ਮੁੱਖ ਚੋਣ ਅਧਿਕਾਰੀ ਅਭਿਜੀਤ ਕਪਲਿਸ਼ ਹੋਣਗੇ। ਜਦਕਿ ਮੈਂਬਰਾਂ ਵਿਚ ਵਧੀਕ ਡਾਇਰੈਕਟਰ ਸੀਬੀਸੀ ਚੰਡੀਗੜ੍ਹ ਬਲਜੀਤ ਸਿੰਘ, ਪ੍ਰੈਸ ਇਨਫਰਮੇਸ਼ਨ ਬਿਊਰੋ ਵੱਲੋਂ ਨਾਮਜਦ ਡੀ.ਜੀ./ਏ.ਡੀ.ਜੀ ਪੱਧਰ ਦਾ ਅਧਿਕਾਰੀ ਅਤੇ ਫਤਿਹਗੜ੍ਹ ਸਾਹਿਬ ਪਾਰਲੀਮਾਨੀ ਹਲਕੇ ਦੇ ਰਿਟਰਨਿੰਗ ਅਧਿਕਾਰੀ ਸ਼ਾਮਲ ਹਨ।

ਸਿਬਿਨ ਸੀ ਨੇ ਦੱਸਿਆ ਕਿ ਐਮਸੀਐਮਸੀ ਕਮੇਟੀ ਜ਼ਿਲ੍ਹਾ ਪੱਧਰੀ ਮੀਡੀਆ ਸਰਟੀਫਿਕੇਸ਼ਨ ਤੇ ਮੋਨੀਟਰਿੰਗ ਕਮੇਟੀ ਦੇ ਹੁਕਮਾਂ ਵਿਰੁੱਧ ਅਪੀਲਾਂ ਨਾਲ ਸਬੰਧਤ ਸਾਰੇ ਕੇਸਾਂ ਅਤੇ ਇਸ਼ਤਿਹਾਰਾਂ ਦੀ ਤਸਦੀਕ ਤੇ ਪੇਡ ਨਿਊਜ਼ ਦੀ ਜਾਂਚ ਬਾਰੇ ਬਣਾਈ ਕਮੇਟੀ ਅਤੇ ਜ਼ਿਲ੍ਹਾ ਪੱਧਰੀ ਐਮ.ਸੀ.ਐਮ.ਸੀ. ਦੇ ਫੈਸਲਿਆਂ ਵਿਰੁੱਧ ਅਪੀਲਾਂ ਨਾਲ ਸਬੰਧਤ ਸਾਰੇ ਕੇਸਾਂ ਦਾ ਨਿਪਟਾਰਾ ਕਰੇਗੀ। ਇਸ ਤੋਂ ਇਲਾਵਾ ਜਿਨ੍ਹਾਂ ਕੇਸਾਂ ਵਿੱਚ ਸਬੰਧਤ ਰਿਟਰਨਿੰਗ ਅਫ਼ਸਰ ਨੂੰ ਉਮੀਦਵਾਰਾਂ ਨੂੰ ਨੋਟਿਸ ਜਾਰੀ ਕਰਨ ਲਈ ਨਿਰਦੇਸ਼ ਦਿੱਤੇ ਗਏ ਹਨ ਉਨ੍ਹਾਂ ਦਾ ਨਿਪਟਾਰਾ ਵੀ ਇਹ ਕਮੇਟੀ ਕਰੇਗੀ।

ਦੂਜੇ ਪਾਸੇ ਸਰਟੀਫਿਕੇਸ਼ਨ ਆਫ ਐਡਵਰਟਾਈਜ਼ਮੈਂਟ ਕਮੇਟੀ ਸਿਆਸੀ ਪਾਰਟੀਆਂ ਅਤੇ ਸੰਸਥਾਵਾਂ ਦੀਆਂ ਇਸ਼ਤਿਹਾਰਾਂ ਸਬੰਧੀ ਅਰਜ਼ੀਆਂ ਦਾ ਨਿਪਟਾਰਾ ਕਰੇਗੀ।

## ਰਾਜ ਪੱਧਰੀ ਮੀਡੀਆ ਮੋਨੀਟਰਿੰਗ ਸੈੱਲ ਵੀ ਕਾਰਜਸ਼ੀਲ

ਸਿਬਿਨ ਸੀ ਨੇ ਦੱਸਿਆ ਕਿ ਭਾਰਤੀ ਚੋਣ ਕਮਿਸ਼ਨ ਦੀਆਂ ਹਦਾਇਤਾਂ ਅਨੁਸਾਰ ਰਾਜ ਪੱਧਰੀ ਮੀਡੀਆ ਮੋਨੀਟਰਿੰਗ ਸੈੱਲ ਦਾ ਗਠਨ ਵੀ ਕੀਤਾ ਜਾ ਚੁੱਕਾ ਹੈ ਅਤੇ ਪਿਛਲੇ ਕਈ ਦਿਨਾਂ ਤੋਂ ਇਹ ਸੈੱਲ ਪੂਰੀ ਤਰ੍ਹਾਂ ਕਾਰਜਸ਼ੀਲ ਹੈ। ਉਨ੍ਹਾਂ ਦੱਸਿਆ ਕਿ ਲੋਕ ਸਭਾ ਚੋਣਾਂ-2024 ਸਬੰਧੀ ਇੱਥੋਂ ਟੀਵੀ ਨਿਊਜ਼ ਚੈਨਲਾਂ, ਪ੍ਰਿੰਟ ਮੀਡੀਆ, ਸੋਸ਼ਲ ਮੀਡੀਆ ਅਤੇ ਵੈੱਬ ਚੈਨਲਾਂ ਦੀ ਮੋਨੀਟਰਿੰਗ ਕੀਤੀ ਜਾ ਰਹੀ ਹੈ। ਚੋਣ ਜ਼ਾਬਤਾ ਲੱਗਣ ਤੋਂ ਬਾਅਦ ਰਾਜ ਪੱਧਰੀ ਮੀਡੀਆ ਮੋਨੀਟਰਿੰਗ ਸੈੱਲ ਵਿੱਚ ਗਤੀਵਿਧੀਆਂ ਹੋਰ ਤੇਜ਼ ਹੋ ਜਾਣਗੀਆਂ।

ਕਾਬਿਲੇਗੌਰ ਹੈ ਕਿ ਰਾਜ ਪੱਧਰੀ ਮੀਡੀਆ ਮੋਨੀਟਰਿੰਗ ਸੈੱਲ ਸੂਚਨਾ ਤੇ ਲੋਕ ਸੰਪਰਕ ਵਿਭਾਗ ਦੇ ਅਧਿਕਾਰੀਆਂ ਅਤੇ ਪੇਸ਼ੇਵਰ ਸੋਸ਼ਲ ਮੀਡੀਆ ਮਾਹਿਰਾਂ ਰਾਹੀਂ ਸਾਰੇ ਅਖ਼ਬਾਰਾਂ, ਨਿਊਜ਼ ਚੈਨਲਾਂ, ਸੋਸ਼ਲ ਮੀਡੀਆ ਸਾਈਟਾਂ ਅਤੇ ਵੈੱਬ ਚੈਨਲਾਂ ਦੀ ਮੋਨੀਟਰਿੰਗ ਕਰ ਰਿਹਾ ਹੈ ਤਾਂ ਜੋ ਭਾਰਤੀ ਚੋਣ ਕਮਿਸ਼ਨ ਦੀਆਂ ਹਦਾਇਤਾਂ ਅਤੇ ਨਿਯਮਾਂ ਦੀ ਪਾਲਣਾ ਨੂੰ ਯਕੀਨੀ ਬਣਾਇਆ ਜਾ ਸਕੇ। ਇਸ ਤੋਂ ਇਲਾਵਾ ਇੱਥੋਂ ਹੀ ਲੋਕ ਸਭਾ ਚੋਣਾਂ-2024 ਬਾਬਤ ਜ਼ਰੂਰੀ ਜਾਣਕਾਰੀਆਂ ਅਤੇ ਸੂਚਨਾਵਾਂ ਮੀਡੀਆ ਤੱਕ ਪੁੱਜਦੀਆਂ ਕੀਤੀਆਂ ਜਾ ਰਹੀਆਂ ਹਨ ਅਤੇ ਚੋਣ ਜ਼ਾਬਤੇ ਤੋਂ ਬਾਅਦ ਵੀ ਜਾਰੀ ਰਹਿਣਗੀਆਂ।






ਕੈਨੇਡੀਅਨ ਪੰਜਾਬੀ ਪੋਸਟ
Award winning news paper | Canadian Punjabi Post

# CLASSIFIEDS

Starting at just $10
ਕਿਸੇ ਵੀ ਤਰ੍ਹਾਂ ਦੀ ਐਡ ਦੇਣ ਲਈ
ਕਾਲ ਕਰੋ: 905-793-2202

## ਲੜਕੀ ਦੀ ਲੋੜ

Well settled Ramgarhia Family living in Winnipeg from 16 years looking for a suitable match for their son 33-year-old,5-10 Tall, clean shaved, Active in Real Estate Business and financing Business Manitoba and Ontario.
Contact number-204-510-7658 and 519-917-5055.
7Feb

Sikh Tonk kashtriya Boy Feb/1993 Born, height 5.11", B.tech in computer science, On work permit PR applied. Working as a supervisor. Looking for beautiful PR/Work permit/ Study permit girl. Caste No Bar. Whatsapp or Call at +91 9417272807, +12269787777

ਜੱਟ ਸਿੱਖ ਲੜਕਾ, ਉਮਰ 28 ਸਾਲ, ਕੱਦ 5 ਫੁੱਟ 10 ਇੰਚ, ਲੜਕੇ ਦੀ ਇਕ ਭੈਣ ਹੈ, ਆਟੋਮੋਟਿਵ ਪਾਵਰ ਟੈਕਨੀਸ਼ੀਅਨ, ਆਟੋਮੋਬਾਇਲ ਇੰਡਸਟਰੀ ਵਿਚ ਮਿਕੈਨਿਕ ਦੇ ਤੌਰ 'ਤੇ ਕੰਮ ਕਰ ਰਿਹਾ ਹੈ, ਕੈਨੇਡੀਅਨ ਪੀਆਰ ਹੈ, ਲਈ ਜੱਟ ਸਿੱਖ, ਪੜ੍ਹੀ ਲਿਖੀ ਲੜਕੀ ਦੀ ਲੋੜ ਹੈ। ਲੜਕੀ ਕੈਨੇਡਾ ਵਿਚ ਵਰਕ ਪਰਮਿਟ ਉਤੇ ਹੋਵੇ, ਸਟੱਡੀ ਪਰਮਿਟ ਉਤੇ ਜਾਂ ਪੀਆਰ ਹੋਲਡਰ ਹੋਵੇ। ਸੰਪਰਕ: (289) 380-6898

ਲੁਬਾਣਾ ਸਿੱਖ ਲੜਕਾ ਕੈਨੇਡੀਅਨ ਸਿਟੀਜ਼ਨ, ਉਮਰ 29, ਹਾਈਟ 5 ਫੁੱਟ 8 ਇੰਚ, ਸੈਲਫ ਇੰਪਲਾਇਡ ਲਈ ਬੀਐੱਸਸੀ ਨਰਸਿੰਗ ਜਾਂ ਵਰਕ ਪਰਮਿਟ 'ਤੇ ਆਈ ਲੜਕੀ ਦੀ ਜ਼ਰੂਰਤ ਹੈ। ਲੁਬਾਣਾ ਬਰਾਦਰੀ ਨੂੰ ਪਹਿਲ ਦਿੱਤੀ ਜਾਵੇਗੀ। ਸੰਪਰਕ: 7093510275

Looking for a Suitable match for Khatri Punjabi boy 36 yrs old 5,6.Boy have multiple Visitor Visa. Legally Divorced after a Short Marriage no issue .Boy is in Canada right now. Sister Well Settled in Toronto. No Caste bar, looking for Canadian P.R. or Citizen Contact on 6473004877 Email :- komal1128@gmail.com

Well settled Punjabi Arora family seeks match for their PR son 34 years old, 6 feet tall, M.Com LLB, never smoking, never drinking, vegetarian, legally divorced after very short marriage, no relationship. Boy is almost unmarried. He is working as an officer in Leading Canadian Bank. Seeks educated family oriented girl from families in Canada/USA or new immigrant, PR, student or on work permit. Girl with very short marriage or never married will be preferred. Parents please send Bio-data and photo. Whatsapp or call at +1 9734209701, 437-770-3644 or email at ssjuneja@gmail.com.

## ਲੜਕੀ ਦੀ ਲੋੜ

ਕੈਨੇਡੀਅਨ ਸਿਟੀਜ਼ਨ, ਕੈਨੇਡਾ ਦੇ ਦੋ ਸੂਬਿਆਂ ਵਿਚ ਸਫ਼ਲ ਸਥਾਪਿਤ ਆਪਣਾ ਕਾਰੋਬਾਰ ਕਰਦੇ ਵੈੱਲ ਸੈਟਲਡ ਪਰਿਵਾਰ ਦੇ ਕੈਨੇਡਾ ਵਿਚ 16 ਸਾਲ ਤੋਂ ਰਹਿ ਰਹੇ ਲੜਕੇ, ਉਮਰ 32 ਸਾਲ, ਕੱਦ 5 ਫੁੱਟ, 10 ਇੰਚ, ਲਈ ਯੋਗ ਲੜਕੀ ਦੀ ਜ਼ਰੂਰਤ। ਸੰਪਰਕ ਕਰੋ: 204-510-7658 ਜਾਂ 437-881-7282

ਜੱਟ ਸਿੱਖ ਢਿੱਲੋਂ ਪਰਿਵਾਰ ਦਾ ਲੜਕਾ, ਉਮਰ 21 ਸਾਲ, ਕੱਦ 5'9", ਕੈਨੇਡਾ ਵਿਚ ਰਹਿ ਰਹੇ ਲੜਕੇ ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ/ਸਟੂਡੈਂਟ ਲੜਕੀ ਦੀ ਜਰੂਰਤ ਹੈ। ਲੜਕੀ ਦੀ ਉਮਰ 18 ਤੋਂ 22 ਸਾਲ ਦੀ ਹੋਵੇ।
ਸੰਪਰਕ: 437-223-2664

ਜੱਟ ਸਿੱਖ ਅੰਮ੍ਰਿਤਧਾਰੀ ਲੜਕਾ, ਉਮਰ 30 ਸਾਲ, ਕੱਦ 5'11'', B.A./B.Sc., 3 ਸਾਲ ਇੰਸ਼ੋਰੈਂਸ ਕੰਪਨੀ ਵਿਚ ਕੰਮ ਕੀਤਾ, ਹੁਣ ਡੀ.ਵੀ. ਮਾਰਟ ਕੰਪਨੀ ਲੁਧਿਆਣਾ ਵਿਖੇ ਕੰਮ ਕਰ ਰਿਹਾ ਹੈ। ਲੜਕਾ ਇੰਡੀਆ ਵਿਚ ਰਹਿ ਰਿਹਾ ਹੈ, ਚੰਗੀ ਜ਼ਮੀਨ ਹੈ ਤੇ ਇੱਕ ਭੈਣ ਕੈਨੇਡਾ ਵਿਚ ਵੈਲ ਸੈਟਲਡ ਹੈ, ਲਈ ਕੈਨੇਡੀਅਨ ਪੀ.ਆਰ./ਸਿਟੀਜਨ/ਵਰਕ ਪਰਮਿਟ ਉਤੇ ਰਹਿ ਰਹੀ ਲੜਕੀ ਦੀ ਲੋੜ ਹੈ। ਇੰਡੀਆ ਵਿਚ ਚੰਗੀ ਪੜ੍ਹੀ ਲਿਖੀ ਲੜਕੀ ਦਾ ਪਰਿਵਾਰ ਵੀ ਸੰਪਰਕ ਕਰ ਸਕਦਾ ਹੈ। ਸੰਪਰਕ: 416-219-8282, arshdeepkaurthind9@gmail.com.

ਜੱਟ ਸਿੱਖ ਲੜਕਾ, 1994 ਕੱਦ 5 '11 , ਜੋ ਕਿ ਇੰਡੀਆ ਵਿਚ ਚੰਗੀ ਜੋਬ ਕਰਦਾ ਹੈ, ਲਈ ਕੈਨੇਡੀਅਨ ਪੀ ਆਰ, ਸਿਟੀਜਨ ਲੜਕੀ ਦੀ ਲੋੜ ਹੈ, ਸਟੱਡੀ ਵੀਜ਼ੇ ਵਾਲੇ ਵੀ ਸੰਪਰਕ ਕਰ ਸਕਦੇ ਹਨ। 416 400 2604 ਵਟਸਐੱਪ 8920619746

ਜੱਟ ਸਿੱਖ ਉਮਰ 28 ਸਾਲ ਕੱਦ 5"8 ਸਾਰੀ ਫੈਮਲੀ ਕਨੈਡਾ ਵਿਚ । ਲੜਕੇ ਨੇ 12 ਗਰੇਡ ਕੀਤੇ ਹੋਏ ਹਨ ਟਰੱਕਿੰਗ ਕੰਪਨੀ ਨਾਲ ਕੰਮ ਕਰ ਰਿਹਾ ਹੈ, ਚੰਗੀ ਆਮਦਨ ਆਪਣਾ ਘਰ ਜੋ ਕੇ ਕਿਰਾਏ ਤੇ ਦਿਤਾ ਹੈ। ਸਾਰੀ ਫੈਮਲੀ ਕੈਨੈਡਾ ਵਿਚ, ਫੈਮਲੀ ਦੇ ਨਾਲ ਹੀ ਰਹਿ ਰਿਹਾ ਹੈ। ਜਲੰਧਰ ਜਿਲ੍ਹੇ ਨੂੰ ਪਹਿਲ , ਲੜਕੀ ਸਿਟੀਜ਼ਨ, ਪੀਆਰ ਜਾਂ ਵਿਜ਼ਟਰ ਕੋਈ ਵੀ ਹੋਵੇ। ਸੰਪਰਕ : 647-948-8474 647-670-8013

## ਲੜਕੇ ਦੀ ਲੋੜ

ਜੱਟ ਸਿੱਖ ਸਿੱਧੂ ਪਰਿਵਾਰ ਦੀ ਲੜਕੀ, 28 ਸਾਲ, 5'6", ਕੇਨੈਡਾ ਵਿੱਚ ਵਿਜਟਰ ਵੀਜ਼ੇ 'ਤੇ ਰਹਿ ਰਹੀ ਲੜਕੀ ਲਈ ਕੈਨੇਡੀਅਨ ਸਿਟੀਜਨ/ਪੀ.ਆਰ. ਜੱਟ ਸਿੱਖ ਲੜਕੇ ਦੀ ਜ਼ਰੂਰਤ। ਸੰਪਰਕ: 647-203-7573

ਕੈਨੇਡਾ (ਬਰੈਪਟਨ) ਪੀ ਆਰ ਦਰਜੀ ਸਿੰਘ (ਛੀਂਬਾ) ਤਲਾਕਸ਼ੁਦਾ ਲੜਕੀ B.Sc.Nursing, 33 ਸਾਲ 5' 2" ਲਈ ਪਗੜੀਧਾਰੀ ਲੜਕੇ ਦੀ ਲੋੜ। +919417939114

Need suitable match for 58 years old Hindu (Khatri) lady (Non Manglik), Height 5'3". Seeking a trustworthy man upto 65 years. Contact :- 647-323-5428.

Qualified match for beautiful never married Punjabi Khatri girl 5'7" 35 years Software Engineer at Toronto .Canada PR. Well settled in IT job . Good family.call +16475649350 email marti.mail.20@gmail.com

Saini Sikh family seeks a suitable match for their beautiful daughter, born and raised in Canada, 36 years old, slim, 5'4" tall, has a bachelor's degree, has a good job, divorced after short marriage. The boy should be educated, well settled, handsome, Canadian born. Please send bio-data and pictures on whatsapp. Phone :- 437-288-6010. Caste no bar.

'Qualified match for beautiful never married 81 born girl, Canada PR, well settled in job with Pharma co at Toronto. Call: +16475649350, Email: skvmatri49@gmail.com

Seeking a suitable match for Canadian citizen Ramdasia Sikh (GNM). Born August 1987 and height 5'1 .Working as a unit clerk (Government of Alberta) . Boy should be vegetarian and educated.Family settled in Canada Mother and Father in India.Please send complete biodata and pictures at ekamjotdahiya@gmail.com Contact number-+17802222608, +919988297352

ਜੱਟ ਸਿੱਖ ਧਾਲੀਵਾਲ ਕੱਦ 5 ਫੁੱਟ 6 ਇੰਚ, ਉਮਰ 25 ਸਾਲ ਐਮਐਸਸੀ ਮੈਥ, ਇੰਡੀਆ ਵਿਚ ਰਹਿ ਰਹੀ ਲੜਕੀ ਲਈ ਜੱਟ ਸਿੱਖ ਕੈਨੇਡੀਅਨ ਇਮੀਗ੍ਰਾਂਟ ਜਾਂ ਸਿਟੀਜਨ ਲੜਕੇ ਦੀ ਲੋੜ ਹੈ। ਲੜਕੀ ਆਈਲਟਸ ਦਾ ਕੋਰਸ ਕਰ ਰਹੀ ਹੈ। ਜ਼ਿਆਦਾ ਜਾਣਕਾਰੀ ਲਈ ਹੇਠ ਲਿਖੇ ਨੰਬਰ ਉਤੇ ਸੰਪਰਕ ਕੀਤਾ ਜਾ ਸਕਦਾ ਹੈ। 613-799-8090, ਈਮੇਲ- Singhmanmohan2006@gmail.com

## ਲੜਕੇ ਦੀ ਲੋੜ

ਗਿੱਲ ਜੱਟ ਸਿੱਖ, 1992, ਇਕਲੌਤੀ, B.Tech. ਲੜਕੀ ਲਈ ਗੁਰਸਿਖ ਕੈਨੇਡੀਅਨ ਸੈਟਲਡ ਪਰਿਵਾਰ ਦੇ ਲੜਕੇ ਦੀ ਲੋੜ। ਸੰਪਰਕ: 9464034653, 2364582228

ਜੱਟ ਸਿੱਖ ਲੜਕੀ, ਉਮਰ 27 ਸਾਲ, ਕੱਦ 5 ਫੁਟ 4", ਬੀ.ਏ ਪਾਸ, ਹੇਅਰ ਐਂਡ ਸਕਿੱਨ ਕੇਅਰ ਡਿਪਲੋਮਾ (ਆਈ. ਟੀ.ਆਈ) ਕੰਪਿਊਟਰ ਡਿਪਲੋਮਾ ਇੱਕ ਸਾਲ ਕੀਤਾ ਹੋਇਆ, ਵਿਜ਼ਟਰ ਵੀਜ਼ੇ 'ਤੇ ਕੇਨੈਡਾ ਆਈ ਹੋਈ, ਲਈ ਕੈਨੇਡੀਅਨ ਜੱਟ ਸਿੱਖ ਪੀ.ਆਰ ਲੜਕੇ ਦੀ ਲੋੜ। ਸੰਪਰਕ: 1-905-451-1716, +919876533403

ਕੈਨੇਡਾ ਪੀ ਆਰ ਲੜਕੀ ਲਈ ਵਰ ਦੀ ਲੋੜ, 1991/5'3", ਲਈ ਸ਼ੁਧ ਵੈਸ਼ਨੂੰ ਲੜਕੇ ਦੀ ਲੋੜ। ਕੈਨੇਡਾ ਨੂੰ ਪਹਿਲ। ਸੰਪਰਕ: 9855238175

ਜੱਟ ਸਿਖ 1996/5'-3", ਇੰਟਰਨੈਸ਼ਨਲ ਬਿਜ਼ਨੈੱਸ ਮੈਨੇਜਮੈਂਟ (ਕੈਨੇਡਾ ਪੀ-ਆਰ) ਲੜਕੀ ਲਈ ਕੈਨੇਡਾ ਪੀਆਰ/ਨਾਨ-ਪੀਆਰ ਲੜਕਾ ਚਾਹੀਦਾ ਹੈ। ਮਾਲਵੇ ਨੂੰ ਤਰਜੀਹ। ਸੰਪਰਕ: 9478403300

ਜੱਟ ਸਿਖ ਗਿਲ ਪਰਿਵਾਰ ਦੀ ਸੁੰਦਰ ਤੇ ਸੁਸ਼ੀਲ ਲੜਕੀ, ਜਨਮ ਮਿਤੀ 04-02-1991, ਕੱਦ 5 ਫੁੱਟ 3 ਇੰਚ, ਬੀਐਸਸੀ, ਐਮਐਸਸੀ (ਹਾਨਰਜ਼) ਬਾਇਓਫਿਜਿਕਸ + ਐਲਐਲਬੀ ਕੀਤੀ ਹੋਈ ਹੈ। ਆਈਲੈਟਸ ਵਿਚੋਂ 8 ਬੈਂਡ ਹਨ। ਐਕਸਪ੍ਰੈਸ ਐਂਟਰੀ ਵਿਚ ਇੰਡੀਆ ਤੋਂ ਕੈਨੇਡਾ ਪੀਆਰ ਦੀ ਫਾਈਲ ਲੱਗੀ ਹੋਈ ਹੈ। ਅੱਜ ਕੱਲ੍ਹ ਪੰਜਾਬ ਅਤੇ ਹਰਿਆਣਾ ਹਾਈਕੋਰਟ ਵਿਚ ਵਕੀਲ ਹੈ। ਲੜਕੀ ਨਾਨ ਵੈਜ ਖਾ ਲੈਂਦੀ ਹੈ। ਪੂਰਾ ਪਰਿਵਾਰ ਕੋਟਕਪੂਰਾ, ਜਿਲਾ ਫਰੀਦਕੋਟ, ਪੰਜਾਬ ਵਿਖੇ ਰਹਿ ਰਿਹਾ ਹੈ। ਨਿਊਕਲੀਅਰ ਪਰਿਵਾਰ ਹੈ, ਇਕ ਭਰਾ ਕੈਨੇਡਾ ਵਿਚ ਪੀਆਰ ਹੈ। ਲੜਕੀ ਦੇ ਪਿਤਾ ਪੰਜਾਬ ਪੁਲਸ ਵਿਚ ਨੌਕਰੀ ਕਰ ਰਹੇ ਹਨ। ਲੜਕੀ ਲਈ ਜੱਟ ਸਿਖ ਪਰਿਵਾਰ ਦੇ ਕੈਨੇਡਾ ਜਾਂ ਅਮਰੀਕਾ ਵਿਚ ਰਹਿੰਦੇ ਪੜ੍ਹੇ ਲਿਖੇ ਲੜਕੇ ਦੀ ਲੋੜ ਹੈ। ਸੰਪਰਕ:- ਕੈਨੇਡਾ +16476866500

Looking for PQ and Genuine Jat Sikh boy for 35/5 -7" beautiful, slim Software Engineer girl working in GTA (Canada PR) Innocently divorced in few months (Non-consummated Marriage).Caste no bar.Respond with your details at bestmatri10@gmail.com/+1647-267-3104

ਜੱਟ ਸਿੱਖ ਉਮਰ 35 ਸਾਲ ਕੱਦ 5'11'' ਪਤਲੀ ਰੰਗ ਗੋਰਾ, ਜਿਸ ਦੇ ਪਹਿਲੇ ਪਤੀ ਦੀ ਮੌਤ ਹੋ ਚੁਕੀ ਹੈ ਅਤੇ 9 ਸਾਲ ਦੀ ਇਕ ਲੜਕੀ ਹੈ। ਚੰਗੀ ਜਾਇਦਾਦ ਦੀ ਮਾਲਕ ਹੈ। ਲੋੜ ਪੈਣ ਤੇ 9 ਸਾਲ ਦੀ ਲੜਕੀ ਵੀ ਉਸ ਦੀ ਭੈਣ ਦੁਆਰਾ ਅਡਾਪਟ ਕੀਤੀ ਜਾ ਸਕਦੀ ਹੈ, ਲਈ ਅਮਰੀਕਨ ਜਾਂ ਕਨੇਡੀਅਨ ਇੰਮੀਗਰਾਂਟ ਵਰ ਦੀ ਲੋੜ ਹੈ। ਜਿਆਦਾ ਜਣਕਾਰੀ ਲਈ ਹੇਠ ਲਿਖੇ ਨੰ ਤੇ ਸੰਪਰਕ ਕੀਤਾ ਜਾ ਸਕਦਾ ਹੈ। 1-780-604-6580

ਜੱਟ ਸਿੱਖ ਢਿੱਲੋਂ ਪਰਿਵਾਰ ਦੀ ਲੜਕੀ, ਉਮਰ 28 ਸਾਲ, ਕੱਦ 5'2" ਕੈਨੇਡੀਅਨ ਪੀ.ਆਰ. ਲਈ ਪੜ੍ਹੇ ਲਿਖੇ ਅਤੇ ਵੈਲ ਸੈਟਲਡ ਪੀ.ਆਰ./ਸਿਟੀਜਨ ਲੜਕੇ ਦੀ ਲੋੜ ਹੈ। ਲੜਕੇ ਦੀ ਉਮਰ 25 ਤੋਂ 30 ਸਾਲ ਦੇ ਵਿਚਕਾਰ ਹੋਵੇ। ਸੰਪਰਕ: 437-223-2664








**Allseas Fisheries Inc. is Hiring!**
**DZ licensed delivery drivers needed.**
Pay is $24/hour. Full time, permanent
Should work any day of the week, including weekends.
If interested, please forward resume to **rgidda@allseas.net**






# ਔਰਤਾਂ ਖ਼ਿਲਾਫ਼ ਜ਼ਬਰ ਖਿਲਾਫ ਕਾਨੂੰਨਘਾੜੇ ਕਟਿਹਰੇ ’ਚ

–ਨਰੈਣ ਦੱਤ–

ਪੱਛਮੀ ਬੰਗਾਲ ਦਾ ਕਸਬਾ ਸੰਦੇਸ਼ਖਾਲੀ ਫ਼ਰਵਰੀ ਦੇ ਪਹਿਲੇ ਹਫ਼ਤੇ ਤੋਂ ਸਥਾਨਕ ਲੋਕਾਂ ਵੱਲੋਂ ਸ਼ਾਹਜਹਾਂ ਅਤੇ ਉਸ ਦੇ ਸਹਿਯੋਗੀਆਂ ਦੇ ਵਿਰੋਧ ਵਿੱਚ ਭੜਕਣ ਤੋਂ ਬਾਅਦ ਉੱਬਲਿਆ ਹੋਇਆ ਹੈ। ਜ਼ਮੀਨ ਹੜੱਪਣ ਦੇ ਦੋਸ਼ਾਂ ਦੇ ਨਾਲ-ਨਾਲ, ਔਰਤਾਂ ਨੇ ਸ਼ਾਹਜਹਾਂ ਅਤੇ ਉਸਦੇ ਆਦਮੀਆਂ ਵੱਲੋਂ ਜਿਨਸੀ ਸ਼ੋਸ਼ਣ ਦੇ ਦੋਸ਼ ਵੀ ਲਗਾਏ ਹਨ। ਤ੍ਰਿਣਮੂਲ ਕਾਂਗਰਸ ਦੇ ਦੋ ਨੇਤਾਵਾਂ, ਉੱਤਮ ਸਰਦਾਰ ਅਤੇ ਸ਼ਿਬੋਪ੍ਰਸਾਦ ਹਾਜ਼ਰਾ ਨੂੰ ਜਿਨਸੀ ਸ਼ੋਸ਼ਣ ਦੇ ਦੋਸ਼ਾਂ ਤਹਿਤ ਗ੍ਰਿਫਤਾਰ ਕੀਤਾ ਗਿਆ ਹੈ। ਤ੍ਰਿਣਮੂਲ ਵਿਧਾਇਕ ਸਮੇਤ ਸਥਾਨਕ ਤ੍ਰਿਣਮੂਲ ਨੇਤਾਵਾਂ ਨੂੰ ਸਥਾਨਕ ਲੋਕਾਂ ਦੇ ਗੁੱਸੇ ਦਾ ਸਾਹਮਣਾ ਕਰਨਾ ਪਿਆ ਜਦੋਂ ਉਨ੍ਹਾਂ ਨੇ ਆਪਣੇ ਗੁੱਸੇ ਨੂੰ ਸ਼ਾਂਤ ਕਰਨ ਦੀ ਕੋਸ਼ਿਸ਼ ਕੀਤੀ। ਬੀਜੇਪੀ ਤ੍ਰਿਣਮੂਲ ਕਾਂਗਰਸ ਨੂੰ ਸਿਆਸੀ ਪਿੜ ਵਿੱਚੋਂ ਹਰਾਉਣ ਲਈ ਇਸ ਮੁੱਦੇ ਦਾ ਪੂਰਾ ਲਾਹਾ ਲੈਣ ਲਈ ਤਰਲੋਮੱਛੀ ਹੋ ਰਹੀ ਹੈ। ਇਸ ਮਾਮਲੇ ਵਿੱਚ ਸੀਬੀਆਈ, ਹਾਈਕੋਰਟ, ਕੇਂਦਰੀ ਸਰਕਾਰ, ਕੇਂਦਰ ਦੀ ਬੀਜੇਪੀ ਸਰਕਾਰ ਦਾ ਪਾਲਤੂ ਮੀਡੀਆ- ਗੱਲ ਕੀ ਸਾਰਾ ਤਾਮਝਾਮ ਪੂਰੀ ਮੁਸ਼ਤੈਦੀ ਕਰਦਾ ਵਿਖਾਈ ਦੇ ਰਿਹਾ ਹੈ।

ਹਾਲੇ ਕੁੱਝ ਦਿਨ ਪਹਿਲਾਂ ਹੀ 2024 ਦੀਆਂ ਪਾਰਲੀਮਾਨੀ ਚੋਣਾਂ ਲਈ ਭਾਰਤੀ ਜਨਤਾ ਪਾਰਟੀ ਨੇ ਐਲਾਨੀਆਂ ਪਾਰਲੀਮੈਂਟ ਉਮੀਦਵਾਰੀ ਦੀਆਂ 195 ਵਿੱਚ ਲਖੀਮਪੁਰ ਖੀਰੀ ਕਾਂਡ ਰਚਾਕੇ ਚਾਰ ਕਿਸਾਨਾਂ ਅਤੇ ਇੱਕ ਪੱਤਰਕਾਰ ਨੂੰ ਕਤਲ ਕਰਨ ਵਾਲੇ ਦਬੰਗ ਅਜੇ ਮਿਸ਼ਰਾ ਟੈਣੀ ਨੂੰ ਟਿਕਟ ਨਾਲ ਨਿਵਾਜ਼ ਦਿੱਤਾ ਹੈ। ਬੀਜੇਪੀ ਦੀ ਇਸ ਸ਼ਰਮਨਾਕ ਕਾਰਵਾਈ ਨੇ ਸੰਘਰਸ਼ ਕਰ ਰਹੇ ਕਿਸਾਨ ਕਾਫ਼ਲਿਆਂ ਦੇ ਜ਼ਖਮਾਂ ’ਤੇ ਲੂਣ ਭੁੱਕ ਦਿੱਤਾ ਹੈ। ਕਿਸਾਨ ਉਸੇ ਸਮੇਂ ਤੋਂ ਲਖੀਮਪੁਰ ਖੀਰੀ ਕਾਂਡ ਰਚਾਉਣ ਵਾਲੇ ਇਸ ਗੁੰਡਾ ਸਰਗਣੇ ਨੂੰ ਕੇਂਦਰੀ ਕੈਬਨਿਟ ਵਿੱਚੋਂ ਬਰਖ਼ਾਸਤ ਕਰਾਉਣ ਦੀ ਲੜਾਈ ਲੜ ਰਹੇ ਹਨ।

ਬੀਜੇਪੀ ਦੀ ਇਹ ਕੋਈ ਇਕੱਲੀ ਇਕਹਰੀ ਘਟਨਾ ਨਾ ਹੋਕੇ ਉਸ ਦੇ ਅੰਦਰੋਂ ਮਰ ਮਿਟ ਚੁੱਕੇ ਇਖਲਾਕ ਦਾ ਵਰਤਾਰਾ ਹੈ। ਪਿਛਲੇ ਸਾਲ ਪਹਿ-ਲਵਾਨ ਖਿਡਾਰੀਆਂ ਨਾਲ ਸਰੀਰਕ ਸੋਸ਼ਣ ਕਰਨ ਦੇ ਦੋਸ਼ੀ, ਕੁਸ਼ਤੀ ਫੈਡਰੇਸ਼ਨ ਦੇ ਬਾਹੂਬਲੀ ਪ੍ਰਧਾਨ ਅਤੇ ਬੀਜੇਪੀ ਦੇ ਪਾਰਲੀਮੈਂਟ ਮੈਂਬਰ ਬ੍ਰਿਜ ਭੂਸ਼ਨ ਸਰਨ ਸਿੰਘ ਖਿਲਾਫ਼ ਚੱਲੇ ਮਹੀਨਿਆਂ ਬੱਧੀ ਸੰਘਰਸ਼ ਵਿੱਚ ਵੀ ਬੀਜੇਪੀ ਖਾਸ ਕਰ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਜ਼ੁਬਾਨ ਵੀ ਠਾਕੀ ਰਹੀ ਅਤੇ ਉਸ ਦੀ ਪੁਸ਼ਤਪਨਾਹੀ ਕੀਤੀ ਗਈ। ਕਠੂਆ ਕਾਂਡ ਮੌਕੇ ਬਜਰੰਗ ਦਲੀਆਂ ਨੇ ਤਿਰੰਗਾ ਝੰਡਾ ਲੈਕੇ ਬਲਾਤਕਾਰੀਆਂ ਦੇ ਹੱਕ ਵਿੱਚ ਮਾਰਚ ਕੀਤੇ। ਇੱਥੋਂ ਤੱਕ ਕਿ ਆਸਿਫਾ ਦੇ ਕੇਸ ਦੀ ਪੈਰਵਾਈ ਕਰਨ ਵਾਲੀ ਵਕੀਲ ਨੂੰ ਬੀਜੇਪੀ ਦੇ ਆਈਟੀ ਸੈੱਲ ਨੇ ਟਰੌਲ ਕਰਕੇ ਦਹਿਸ਼ਤਜ਼ਦਾ ਕਰਨ ਦੀ ਸਿਰਤੋੜ ਕੋਸ਼ਿਸ਼ ਕੀਤੀ। ਬੀਜੇਪੀ ਦੇ ਹੀ ਇੱਕ ਯੂਪੀ ਦੇ ਐਮਪੀ ਚਿਮਿਆਨੰਦ ਵੱਲੋਂ ਚਲਾਏ ਜਾ ਰਹੇ ਲਾਅ ਕਾਲਜ ਦੀ ਵਿਦਿਆਰਥਣ ਨਾਲ ਕੀਤੇ ਸਰੀਰਕ ਸ਼ੋਸ਼ਣ ਸਮੇਂ ਨਾ ਯੋਗੀ ਨਾ ਸ਼ਾਹ ਨਾ ਮੋਦੀ ਦੀ ਜੁਬਾਨ ਖੁੱਲੀ। ਬਿਲਕੀਸ ਬਾਨੋ ਦੇ ਸਮੂਹਕ ਬਲਾਤਕਾਰ ਅਤੇ ਕਤਲ ਦੇ ਦੋਸ਼ੀਆਂ ਦੀਆਂ ਸਜ਼ਾਵਾਂ ਮੁਆਫ਼ ਕਰਨ ਸਮੇਂ ਉਨ੍ਹਾਂ ਦੀ ਸਜ਼ਾ ਮੁਆਫ ਕਰਕੇ ਉੱਚ-ਸੰਸਕਾਰੀ ਕਹਿਕੇ ਵਡਿਆਇਆ ਗਿਆ, ਬੀਜੇਪੀ ਦੇ ਐਮਐਲਏ ਨੇ ਮਠਿਆਈ ਵੰਡਕੇ ਸਵਾਗਤ ਕੀਤਾ। ਉੱਤਰਾਖੰਡ ਬੀਜੇਪੀ ਦੇ ਵਿਧਾਇਕ ਦੇ ਪੁੱਤ ਵੱਲੋਂ ਚਲਾਏ ਜਾਂਦੇ ਰਿਜ਼ੌਰਟ ਵਿੱਚ ਕੰਮ ਕਰਦੀ ਅੰਕਿਤਾ ਭੰਡਾਰੀ ਦੀ ਰਹੱਸਮਈ ਹਾਲਤਾਂ ਵਿੱਚ ਹੋਈ ਮੌਤ ਨੇ ਗੰਭੀਰ ਸਵਾਲ ਖੜ੍ਹੇ ਕੀਤੇ ਹਨ। ਪੁਲਿਸ ਨੇ ਜਾਂਚ ਕਰਨ ਦੀ ਥਾਂ ਰਿਜ਼ੌਰਟ ਉੱਪਰ ਬੁਲਡੋਜ਼ਰ ਚਲਾਕੇ ਸਬੂਤ ਹੀ ਮਿਟਾ ਦਿੱਤੇ ਹਨ। ਇਸ ਸਾਰੇ ਮਾਮਲੇ ਦੀ ਪੜਤਾਲ ਕਰਨ ਵਾਲੇ ਪੱਤਰਕਾਰ ਅਭਿਸ਼ੇਕ ਨੂੰ ਹੀ ਗ੍ਰਿਫਤਾਰ ਕਰ ਲਿਆ ਹੈ।

ਪੁਲਿਸ ਨੇ ਅਜਿਹਾ ਹੀ ਕਾਰਾ ਹਾਥਰਸ ਕਾਂਡ ਦੀ ਰਿਪੋਰਟ ਕਰਨ ਵਾਲੇ ਪੱਤਰਕਾਰ ਸਿਦੀਕੀ ਕੱਪਨ ਨੂੰ ਹੀ ਗ੍ਰਿਫਤਾਰ ਕਰਕੇ ਕੀਤਾ ਸੀ। ਬਨਾਰਸ ਯੂਨੀਵਰਸਿਟੀ ਦੀ ਵਿਦਿਆਰਥਣ ਨਾਲ ਯੂਨੀਵਰਸਿਟੀ ਦੇ ਅੰਦਰ ਹੀ ਬੀਜੇਪੀ ਆਈਟੀ ਸੈੱਲ ਦੇ ਦੋ ਗੁੰਡਿਆਂ ਵੱਲੋਂ ਅਗਵਾ ਕਰਕੇ ਬਲਾਤਕਾਰ ਦੇ ਦੋ ਦੋਸ਼ੀਆਂ ਦੀ ਪਛਾਣ ਹੋਣ ਦੇ ਬਾਵਜੂਦ ਵੀ ਗ੍ਰਿਫ਼ਤਾਰ ਤਾਂ ਕੀ ਕਰਨਾ ਸੀ ਸਗੋਂ ਮੱਧ ਪ੍ਰਦੇਸ਼ ਦੀਆਂ ਚੋਣਾਂ ਮੌਕੇ ਬੀਜੇਪੀ ਦੇ ਉਮੀਦਵਾਰਾਂ ਲਈ ਪ੍ਰਚਾਰ ਮੁਹਿੰਮ ਚਲਾਉਂਦੇ ਰਹੇ। ਦੋ ਮਹੀਨਿਆਂ ਤੱਕ ਯੂਨੀਵਰਸਿਟੀ ਦੇ ਵਿਦਿਆਰਥੀ ਆਪਣੀ ਸੁਰੱਖਿਆ ਨੂੰ ਲੈਕੇ ਅਤੇ ਦੋਸ਼ੀਆਂ ਦੀ ਗ੍ਰਿਫ਼ਤਾਰੀ ਲਈ ਸੰਘਰਸ਼ ਕਰਦੇ ਰਹੇ। ਅਖੀਰ ਦੋ ਮਹੀਨਿਆਂ ਬਾਅਦ ਮਜ਼ਬੂਰੀ ਵੱਸ ਗ੍ਰਿਫ਼ਤਾਰ ਕਰਕੇ ਬਿਨਾਂ ਕਿਸੇ ਗੰਭੀਰ ਪੁੱਛ-ਪੜਤਾਲ ਚੁੱਪ-ਚਾਪ ਜੇਲ੍ਹ ਭੇਜਕੇ ਖਾਨਾ ਪੂਰਤੀ ਕਰ ਦਿੱਤੀ। ਯੂਪੀ ਵਿੱਚ ਹੀ ਬੀਜੇਪੀ ਦੇ ਐਮਐਲਏ ਕੁਲਦੀਪ ਸੈਂਗਰ ਦਾ ਮਾਮਲਾ ਵੀ ਕੋਈ ਵੱਖਰਾ ਨਹੀਂ ਹੈ। ਜਿੱਥੇ ਇੱਕ ਦਲਿਤ ਔਰਤ ਨਾਲ ਬਲਾਤਕਾਰ ਕਰਨ ਕਰਨ ਵਾਲੇ ਐਮਐਲਏ ਖਿਲ਼ਾਫ਼ ਉਸ ਸਮੇਂ ਤੱਕ ਕੋਈ ਕਾਰਵਾਈ ਨਾ ਕੀਤੀ ਗਈ ਜਦ ਉਸ ਨੇ ਆਤਮਹੱਤਿਆ ਕਰਨ ਦੀ ਧਮਕੀ ਨਾ ਦਿੱਤੀ। ਕੇਸ ਦਰਜ ਹੋਣ ਤੋਂ ਬਾਅਦ ਵੀ ਉਸ ਨੂੰ ਅਤੇ ਉਸ ਦੇ ਪ੍ਰੀਵਾਰਕ ਮੈਂਬਰਾਂ ਨੂੰ ਸੜਕ ਦੁਰਘਟਨਾ ਵਿੱਚ ਦਰੜਕੇ ਮਾਰਨ ਦੀ ਕੋਸ਼ਿਸ਼ ਕੀਤੀ। ਮਨੀਪੁਰ ਵਿੱਚ ਦੋ ਕੁੱਕੀ ਔਰਤਾਂ ਨੂੰ ਨਗਨ ਕਰਕੇ ਸਮੂਹਕ ਬਲਾਤਕਾਰ ਕਰਨ ਦਾ ਜੱਗ ਜਾਹਰਾ ਮਾਮਲਾ ਸਾਹਮਣੇ ਆਉਣ ਉਪਰੰਤ ਵੀ ਮਨੀਪੁਰ ਦੇ ਮੁੱਖ ਮੰਤਰੀ ਬੀਰੇਨ ਸਿੰਘ ਉੱਪਰ ਬੀਜੇਪੀ ਵੱਲੋਂ ਸੁਰੱਖਿਅਤ ਸਿਆਸੀ ਛਤਰੀ ਤਾਣੇ ਰੱਖਣਾ ਇਸੇ ਗੱਲ ਦਾ ਜਾਹਰਾ ਸਬੂਤ ਹੈ।



ਪਾਰਲੀਮੈਂਟ ਦੇ ਅੰਦਰ ਅਤੇ ਬਾਹਰ ਪੈਰ-ਪੈਰ ’ਤੇ ਔਰਤ ਹੱਕਾਂ ਦਾ ਚੀਕ ਚਿਹਾੜਾ ਪਾਉਣ ਵਾਲੀ ਬੜਬੋਲੀ ਕੇਂਦਰੀ ਔਰਤ ਅਤੇ ਬਾਲ ਵਿਕਾਸ ਮੰਤਰੀ ਸਮ੍ਰਿਤੀ ਇਰਾਨੀ ਦੀ ਜੁਬਾਨ ਠਾਕੀ ਰਹੀ। ਔਰਤਾਂ ਨੂੰ ਸਸ਼ਕਤੀਕਰਨ ਦੇ ਨਾਹਰੇ ਮਾਰਨ ਵਾਲਿਆਂ ਦੀ ਅਸਲੀਅਤ ਇਹ ਹੈ ਕਿ ਪਾਰਲੀਮੈਂਟ ਅਤੇ ਵਿਧਾਨ ਸਭਾਵਾਂ ਵਿੱਚ ਅਪਰਾਧੀਆਂ ਦੀ ਗਿਣਤੀ ਵਧਦੀ ਹੋਈ 43% ਤੱਕ ਜਾ ਪਹੁੰਚੀ ਹੈ। ਭਾਰਤੀ ਕਮਿਊਨਿਸਟ ਪਾਰਟੀ, ਮਾਰਕਸਵਾਦੀ(ਸੀਪੀਆਈ,ਐਮ) 75% ਜਾਂ ਅੱਠ ਵਿੱਚੋਂ ਛੇ ਸੰਸਦ ਮੈਂਬਰਾਂ ਨਾਲ, ਕਾਂਗਰਸ(53%) 81 ਵਿੱਚੋਂ 43 ਸੰਸਦ ਮੈਂਬਰਾਂ ਨਾਲ, ਵਾਈਐਸਆਰ ਕਾਂਗਰਸ ਪਾਰਟੀ(ਵਾਈਐਸਸੀਆਰਪੀ, 42%) 13 ਵਿੱਚੋਂ 31 ਸੰਸਦ ਮੈਂਬਰਾਂ ’ਚੋਂ ਤ੍ਰਿਣਮੂਲ ਕਾਂਗਰਸ(ਏਆਈਟੀਸੀ, 39%) 36 ’ਚੋਂ 14 ਸੰਸਦ ਮੈਂਬਰਾਂ ਨਾਲ, ਰਾਸ਼ਟਰਵਾਦੀ ਕਾਂਗਰਸ ਪਾਰਟੀ(ਐਨਸੀਪੀ, 38%) ਅੱਠ ’ਚੋਂ ਦੋ ਸੰਸਦ, ਭਾਜਪਾ(36%) 385 ’ਚੋਂ 139 ਨਾਲ। ਸੰਸਦ ਮੈਂਬਰ ਅਤੇ ਆਮ ਆਦਮੀ ਪਾਰਟੀ (ਆਪ, 27%) ਦੇ ਨਾਲ 11 ਵਿੱਚੋਂ ਤਿੰਨ ਸੰਸਦ ਮੈਂਬਰਾਂ ਵਿਰੁੱਧ ਮੁਜ਼ਰਮਾਨਾ ਮਾਮਲੇ ਹਨ। ਗੰਭੀਰ ਅਪਰਾਧਕ ਮਾਮਲਿਆਂ ਵਾਲੇ ਸੰਸਦ ਮੈਂਬਰਾਂ ਦੀ ਪਾਰਟੀ ਅਨੁਸਾਰ ਆਰਜੇਡੀ ਫਿਰ 50% ਜਾਂ ਇਸ ਦੇ ਛੇ ਸੰਸਦ ਮੈਂਬਰਾਂ ਵਿੱਚੋਂ ਤਿੰਨ ਦੇ ਨਾਲ ਸਭ ਤੋਂ ਅੱਗੇ ਹੈ, ਜਿਨ੍ਹਾਂ ਦੇ ਖਿਲਾਫ ਗੰਭੀਰ ਅਪਰਾਧਕ ਮਾਮਲੇ ਹਨ।

ਸੁਪਰੀਮ ਕੋਰਟ ਦੀਆਂ ਹਦਾਇਤਾਂ ‘ਤੇ ਇਹਨਾਂ ਖਿਲਾਫ਼ ਚੱਲ ਰਹੇ ਮੁਕੱਦਮਿਆਂ ਦਾ ਜਲਦ ਨਿਬੇੜਾ ਕਰਨ ਲਈ ਬਣਾਈਆਂ ਵਿਸ਼ੇਸ਼ ਅਦਾਲਤਾਂ ਸਿਰਫ 6% ਕੇਸਾਂ ਦਾ ਹੀ ਨਿਪਟਾਰਾ ਕਰ ਸਕੀਆਂ ਹਨ। ਪਾਰਲੀਮੈਂਟ ਅਤੇ ਵਿਧਾਨ ਸਭਾਵਾਂ ਕਤਲ, ਬਲਾਤਕਾਰ, ਅਗਵਾ ਵਰਗੇ ਸੰਗੀਨ ਦੋਸ਼ਾਂ ਦਾ ਸਾਹਮਣਾ ਕਰ ਰਹੇ ਅਪਰਾਧੀਆਂ ਲਈ ਸਭ ਤੋਂ ਸੁਰੱਖਿਅਤ ਜਗਹਾ ਹੈ। ਹੋਰ ਵਧੇਰੇ ਸਪੱਸ਼ਟ ਕਹਿਣਾ ਹੋਵੇ ਤਾਂ ਵਿਧਾਨ ਸਭਾਵਾਂ ਅਤੇ ਪਾਰਲੀਮੈਂਟ ਅਜਿਹੀ ਵਾਸ਼ਿੰਗ ਮਸ਼ੀਨ ਹਨ ਜਿਸ ਦੀਆਂ ਪੌੜੀਆਂ ਚੜ੍ਹਣ ਵਾਲੇ ਸਆਸਤਦਾਨਾਂ ਦੇ ਸਾਰੇ ਕੁਕਰਮ ਮੁਆਫ਼ ਹੀ ਨਹੀਂ ਹੋ ਜਾਂਦੇ ਸਗੋਂ ਔਰਤਾਂ ਸਮੇਤ ਆਮ ਲੋਕਾਈ ਉੱਪਰ ਜਬਰ ਢਾਹੁਣ ਦਾ ਲਾਇਸੈਂਸ ਪ੍ਰਦਾਨ ਕਰ ਦਿੱਤਾ ਜਾਂਦਾ ਹੈ। ਇਸ ਮਾਮਲੇ ਵਿੱਚ ਸੱਭੇ ਪਾਰਲੀਮਾਨੀ ਪਾਰਟੀਆਂ ਦਾ ਕਿਰਦ-ਾਰ ਇੱਕੋ ਜਿਹਾ ਹੈ। ਬਹੁਜਨ ਸਮਾਜ ਪਾਰਟੀ ਦੇ ਮੁਖਤਾਰ ਅੰਸਾਰੀ, ਅਤੀਕ ਅਹਿਮਦ, ਸਮਾਜਵਾਦੀ ਪਾਰਟੀ ਦੇ ਰਕੇਸ਼ ਸੋਰੇਨ, ਮਿੱਤਰਾ ਸੇਨ, ਬੀਆਰਐਸ ਦੇ ਮੁਖੀ ਤਿੱਲੰਗਾਨਾ ਦੇ ਮੁੱਖ ਮੰਤਰੀ ਕੇਸੀ ਰਾਓ 64 ਫੌਜਦਾਰੀ ਮੁਕੱਦਮਿਆਂ ਸਾਹਮਣਾ ਕਰਦਾ ਹੋਇਆ ਅੱਵਲ ਨੰਬਰ ‘ਤੇ ਹੈ। 385 ਫੌਜਦਾਰੀ ਮੁਕੱਦਮਿਆਂ ਦਾ ਸਾਹਮਣਾ ਕਰ ਰਹੇ 139 ਇਕੱਲੇ ਬੀਜੇਪੀ ਦੇ ਰਮਾਕਾਂਤ ਯਾਦਵ ਓਤੇ ਕਮਲੇਸ਼ ਪਾਸਵਾਨ ਜਿਹੇ ਹਨ। ਗੱਲ ਹੋਰ ਵਧੇਰੇ ਸਾਫ ਕਰਨੀ ਹੋਵੇ ਤਾਂ ਪਾਰਲੀਮੈਂਟ ਅਤੇ ਵਿਧਾਨ ਸਭਾਵਾਂ ਫੌਜਦਾਰੀ ਮੁਕੱਦਮਿਆਂ ਦਾ ਸਾਹਮਣਾ ਕਰਨ ਵਾਲੇ ਸਿਆਸਤਦਾਨਾਂ ਦੀ ਅਜਿਹੀ ਖਾਣ ਹੈ, ਜਿਸ ਦੀ ਖਾਈ ਹਰ ਆਏ ਦਿਨ ਡੂੰਘੀ ਹੁੰਦੀ ਜਾ ਰਹੀ ਹੈ।

ਜਿਵੇਂ ਕਿ ਗੁਸਾਈਂ ਤੁਲਸੀ ਦਾਸ ਨੇ ਭੀ ਲਿਖਿਆ ਹੈ ਕਿ ÷ਢੋਲ, ਗੁਵਾਰ, ਸ਼ੂਦਰ, ਪਸ਼ੂ, ਨਾਰੀ ਏਹ ਪਾਂਚੋਂ ਤਾੜਨ ਕੇ ਅਧਿਕਾਰੀ÷ ਅਰਥਾਤ ਢੋਲ, ਬੇਵਕੂਫ਼, ਸ਼ੂਦਰ, ਪਸ਼ੂ, ਤੇ ਔਰਤ ਇਹ ਪੰਜੇ ਮਾਰ-ਕੁੱਟ ਦੇ ਹੀ ਹੱਕਦਾਰ ਹਨ। ਏਸੇ ਤਰਾਂ ਹੋਰ ਪੁਰਾਣੇ ਖਿਆਲਾਂ ਦੇ ਗ੍ਰੰਥਾਂ ਵਿੱਚ ਸ਼ੂਦਰਾਂ ਉਪਰ ਕਈ ਕਿਸਮ ਦੇ ਪੱਥਰ ਸੁਟੇ ਸਨ। ਹਿੰਦ ਵਾਸੀ ਪਸ਼ੂਆਂ ਨੂੰ ਤਾਂ ਦੇਵਤਾ ਮੰਨਕੇ ਓਹਨਾਂ ਦੇ ਪੈਰ ਪੂਜਦੇ ਸਨ। ਸੱਪਾਂ, ਠੂਹਿਆਂ, ਤੇ ਚੂਹਿਆਂ ਦੀ ਪੂਜਾ ਕਰਦੇ ਸਨ, ਦਰੱਖਤ, ਪੱਥਰ ਆਦਿ ਨੂੰ ਰੱਬ ਮੰਗ ਬੈਠਦੇ ਸਨ, ਪਰ ਇੱਕ ਆਪਣੇ ਜਿਹੇ ਮਨੁੱਖ ਨੂੰ ਸ਼ੂਦਰ ਆਖਕੇ ਉਸ ਦੀ ਐਨੀ ਬੇਇਜਤੀ ਕਰਦੇ ਸਨ ਕਿ ਉਸ ਨਾਲ ਪੱਲਾ ਜਾਂ ਹੱਥ ਛੁਹਾਉਣਾ ਤਾਂ ਕਿਤੇ ਰਿਹਾ ਉਸਦਾ ਪ੍ਰਛਾਵਾਂ ਭੀ ਲੈਣ ਨੂੰ ਤਿਆਰ ਨਹੀਂ ਹੁੰਦੇ ਸਨ। ਇੱਕ ਸ਼ੂਦਰ ਭਾਵੇਂ ਤੜਫਦਾ ਪਿਆ ਹੋਵੇ, ਪਰ ਉਸ ਦੀ ਸੇਵਾ ਲਈ ਇੱਕ ਉੱਚੀ ਜ਼ਾਤ ਦੇ ਆਦਮੀ ਦਾ ਦਿਲ ਨਹੀਂ ਸੀ ਲੋਚਦਾ, ਕਿਓਂਕਿ ਅਜੇਹਾ ਕਰਨਾ ਹਿੰਦੂ ਸੰਸਕ੍ਰਿਤੀ ਦੇ ਅਨੁਸਾਰੀ ਨਹੀਂ ਹੈ।

ਇਹ ਸਾਰੇ ਅੰਕੜੇ ਬੋਲਦੇ ਹਨ ਕਿ ਆਉਣ ਵਾਲੇ ਪਾਰਲੀਮੈਂਟਰੀ ਚੋਣਾਂ ਅੰਦਰ ਕਿਹੋ ਜਿਹਾ ਮਾਹੌਲ ਦੇਸ਼ ਅੰਦਰ ਹੋਣ ਜਾ ਰਿਹਾ ਹੈ। ਔਰਤਾਂ ਦੀ ਹਾਲਤ ਨੂੰ ਲੈ ਕੇ ਹੁਣ ਤੱਕ ਸਰਕਾਰ ਤੇ ਸਿਆਸੀ ਪਾਰਟੀਆਂ ਦੇ ਵਤੀਰੇ ਦੇ ਇਹ ਕੁੱਝ ਉੱਭਰਵੇਂ ਵਿਹਾਰ ਦੇ ਇਹ ਪਦ-ਚਿੰਨ੍ਹ ਕਿਸੇ ਵਿਸ਼ੇਸ਼ ਵਿਆਖਿਆ ਦੀ ਹੋਰ ਕੋਈ ਲੋੜ ਨਹੀਂ ਰਹਿਣ ਦਿੰਦੇ। ਭਾਜਪਾ ਦਾ ਇਹ ਰਵੱਈਆ ਕਿਸੇ ਵੀ ਤਰ੍ਹਾਂ ਉਸਦੇ ਐਲਾਨੀਆ ਮਨੂੰ ਸਮ੍ਰਿਤੀ ਵਾਲੇ ਸੰਵਿਧਾਨ ਦੀ ਸਥਾਪਨਾ ਦੀ ਕੋਈ ਕਸਰ ਬਾਕੀ ਨਹੀਂ ਰਹਿਣ ਦਿੰਦੇ। ਮਨੂੰ ਸਮ੍ਰਿਤੀ ਤੋਂ ਬਿਨਾਂ ਔਰਤਾਂ ਨੂੰ ਪੈਰ ਦੀ ਜੁੱਤੀ ਗਰਦਾਨਣ ਵਾਲੇ ਹੋਰ ਵੀ ਧਾਰਮਕ ਗ੍ਰੰਥਾਂ ਅਨੁਸਾਰ ਸਮਾਜਕ ਕਦਰਾਂ ਕੀਮਤਾਂ ਸਥਾਪਤ ਕਰਨ ਵੱਲ ਵੱਧ ਰਹੀ ਭਾਜਪਾ ਦਾ ਰਾਜ ਬਾਕੀ ਦੀ ਲੋਕਾਈ ਨਾਲ ਔਰਤਾਂ ਲਈ ਕੀ ਪਰੋਸੀ ਬੈਠਾ ਹੈ ਇਹਦੇ ‘ਚ ਕੋਈ ਸ਼ੱਕ ਦੀ ਗੁੰਜਾਇਸ਼ ਨਹੀਂ ਹੈ। ਤਕੜੀ ਲੋਕ ਲਹਿਰ ਤੇ ਇਸਦੇ ਅੰਗ ਬਣ ਉੱਠੀ ਮਜ਼ਬੂਤ ਔਰਤ ਲਹਿਰ ਹੀ ਅਜਿਹੇ ਔਰਤ ਦੋਖੀ ਕਦਮਾਂ ਤੇ ਅਨਸਰਾਂ ਨੂੰ ਨੱਥ ਮਾਰ ਸਕਦੀ ਹੈ।

# ਕੰਨਾਂ ਦਾ ਰਸ

–ਡਿੰਪਲ ਵਰਮਾ

ਜ਼ੁਬਾਨ ਦੇ ਰਸ ਵਾਲੀ ਕਹਾਣੀ ਅਸੀਂ ਸਭ ਨੇ ਛੋਟੇ ਹੁੰਦੇ ਬਹੁਤ ਸੁਣੀ ਹੋਈ ਹੋਣੀ ਜਿਸ ਵਿੱਚ ਸਾਧੂ ਨੇ ਆਪਣੀ ਮੰਦੀ ਜੁਬਾਨ ਨਾਲ ਆਪਣਾ ਬਣਦਾ ਕੰਮ ਵੀ ਵਿਗਾੜ ਲਿਆ ਅਤੇ ਇਸ ਸਦਕੇ ਹਾਸੇ ਦਾ ਪਾਤਰ ਵੀ ਬਣਿਆ । ਲੋਕਾਂ ਵੱਲੋਂ ਅੱਜ ਵੀ “ਜ਼ੁਬਾਨ ਦੇ ਰਸ” ਦੀ ਗੱਲ ਕੀਤੀ ਜਾਂਦੀ ਹੈ।ਜਦੋਂ ਕੋਈ ਖਰਵੇ ਬੋਲ ਬੋਲਦਾ ਹੈ ਤਾਂ ਉਸਨੂੰ “ਜ਼ੁਬਾਨ ਦਾ ਰਸ ” ਕਹਿਕੇ ਸੋਹਣਾ ਬੋਲਣ ਲਈ ਸਮਝਾਇਆ ਜਾਂਦਾ ਹੈ। ਹੁਣ ਜੇਕਰ ਅੱਜ ਦੇ ਸਮੇਂ ਦੀ ਗੱਲ ਕਰੀਏ ਤਾਂ ਜ਼ੁਬਾਨ ਦੇ ਰਸ ਦੇ ਨਾਲ-ਨਾਲ ਕੰਨਾਂ ਦਾ ਰਸ ਵੀ ਬੜਾ ਅਹਿਮ ਹੋ ਗਿਆ ਹੈ। ਅਜੋਕੇ ਦੌਰ ਵਿੱਚ ਜਦੋਂ ਮਨੁੱਖ ਕੋਲ ਆਪਣੀ ਭੱਜ ਦੌੜ ਭਰੀ ਜਿੰਦਗੀ ਵਿੱਚ ਕਿਸੇ ਕੋਲ ਬਹਿਣ ਖਲੋਣ ਦਾ ਵਕਤ ਨਹੀ ਹੈ ਉਸ ਵਿੱਚ ਇਸ ਦਾ ਮਹੱਤਵ ਹੋਰ ਵੀ ਵਧ ਜਾਂਦਾ ਹੈ। ਜਿਵੇਂ ਜ਼ੁਬਾਨ ਦਾ ਰਸ ਸਾਡੇ ਆਪਣੇ ਆਪ ਤੇ ਨਿਰਭਰ ਕਰਦਾ ਹੈ ਠੀਕ ਉਸ ਤਰਾਂ ਕੰਨਾਂ ਦਾ ਰਸ ਵੀ ਸਾਡੇ ਤੇ ਹੀ ਨਿਰਭਰ ਹੈ। ਕਿਸੇ ਹੋਰ ਦੀ ਜ਼ੁਬਾਨ ਦੁਆਰਾ ਬੋਲੀਆਂ ਗੱਲਾਂ ਸਾਡੇ ਕੰਨ ਕਿਸ ਤਰਾਂ ਲੈਂਦੇ ਹਨ ਇਹ ਉਹਨਾ ਦੇ ਅੰਦਰਲੇ ਰਸ ਤੇ ਹੀ ਨਿਰਭਰ ਹੁੰਦਾ ਹੈ । ਇੱਕ ਪੁਰਾਣੀ ਕਹਾਵਤ ਹੈ ਹੱਸਦਿਆਂ ਦੀਆਂ ਸਿਠੱਣੀਆ ਤੇ ਲੜਦਿਆਂ ਦੇ ਮਿਹਣੇ ।ਭਾਵ, ਜੇਕਰ ਅਸੀ ਆਪਸ ਵਿੱਚ ਖੁਸ਼ ਹਾਂ ਅਤੇ ਸਾਡੇ ਆਪਸੀ ਸਬੰਧ ਸੁਖਾਵੇ ਹਨ ਤਾਂ ਇੱਕ ਦੂਜੇ ਦੀਆਂ ਤਲਖ ਗੱਲਾਂ ਵਿੱਚ ਵੀ ਅਸੀ ਸਾਰਥਕਤਾ ਲੱਭ ਲੈਂਦੇ ਹਾਂ। ਜੇਕਰ ਸਾਡੇ ਆਪਸ ਵਿਚ ਸਬੰਧਾਂ ਦੀ ਸਥਿਤੀ ਕੜਵਾਹਟ ਵਾਲੀ ਜਾਂ ਅਣਸੁਖਾਵੇਂ ਹਨ ਤਾਂ ਆਮ ਜਿਹੀਆਂ ਆਪਸੀ ਗੱਲਾਂ ਵੀ ਦਿਲ ਨੂੰ ਝੰਜੋੜ ਕੇ ਰੱਖ ਦਿੰਦੀਆਂ ਹਨ। ਇਹ ਕਹਿਣਾ ਗਲਤ ਨਹੀ ਹੋਵੇਗਾ ਕਿ ਸਾਡੇ ਕੰਨਾਂ ਨੇ ਜਿਹੋ ਜਿਹਾ ਰਸ ਸਾਹ-ਮਣੇ ਵਾਲੇ ਦੀਆਂ ਗੱਲਾਂ ਵਿੱਚ ਘੋਲਿਆ ਉਹੋ ਜਿਹਾ ਹੀ ਸਾਡੇ ਦਿਮਾਗ ਨੇ ਹਜਮ ਕਰ ਲੈਣਾ ਹੈ। ਰੌਚਕ ਗੱਲ ਇਹ ਹੈ ਕਿ ਇਸ ਸੰਬੰਧੀ ਕੋਈ ਵਿਗਿਆਨਕ ਟਿੱਪਣੀ ਤੱਕ ਉਪਲਬਧ ਨਹੀ ਹੈ ਪਰ ਇਹ ਅਜਿਹੀ ਬਿਮਾਰੀ ਹੈ ਜਿਸ ਦਾ ਸ਼ਿਕਾਰ ਹਰ ਕੋਈ ਹੈ। ਸਾਹਮਣੇ ਵਾਲੇ ਦੀ ਜ਼ੁਬਾਨ ਦੀ ਕਲਾ ਚੰਗੇ ਭਲੇ ਦੇ ਕੰਨਾਂ ਦਾ ਰਸ ਕੌੜਾ ਵੀ ਕਰ ਸਕਦੀ ਹੈ ਅਤੇ ਮਿੱਠਾ ਵੀ।

ਵੱਡੇ 2 ਅਫਸਰ, ਮੰਤਰੀ , ਪ੍ਰਧਾਨ, ਕਰਿੰਦੇ ਬਸ਼ਿੰਦੇ , ਘਰੇਲੂ ਔਰਤਾਂ , ਆਮ ਵਿਅਕਤੀ , ਇੱਥੋ ਤੱਕ ਕਿ ਛੋਟੇ-2 ਬੱਚੇ ਵੀ ਇਸ ਦੇ ਪ੍ਰਭਾਵ ਹੇਠ ਅਸਾਨੀ ਨਾਲ ਆ ਜਾਂਦੇ ਹਨ । ਕਹਿੰਦੇ ਬੰਦਾ ਤਕੜਾ ਚਾਹੀਦਾ ਕਿਸੇ ਨੂੰ ਜਿੱਧਰ ਮਰਜੀ ਲਾ ਲਵੋ। ਕਈ ਬੰਦੇ ਤਾਂ ਇੰਨੇ ਚੁਗਲਬਾਜ ਵੀ ਦੇਖੇ ਜੋ ਮਿੰਟਾਂ ਵਿੱਚ ਚੰਗੇ ਭਲੇ ਬੰਦੇ ਨੂੰ ਬੁੱਧੂ ਬਣਾ ਦਿੰਦੇ ਹਨ ਜਿਸਦੇ ਚਲਦੇ ਪਤਾ ਨਹੀ ਕਿੰਨਿਆਂ ਦਾ ਨੁਕਸਾਨ ਹੁੰਦਾ ਹੈ ਤੇ ਕਿੰਨੇ ਹੀ ਘਰ ਤਬਾਹ ਹੋ ਜਾਂਦੇ ਹਨ। ਇੱਕ ਸਮਾਂ ਸੀ ਜਦੋਂ ਜਨਾਨੀਆਂ ਹੀ ਕੰਨਾ ਦੀਆਂ ਕੱਚੀਆਂ ਮੰਨੀਆਂ ਜਾਦੀਆਂ ਸਨ। ਪਰ ਅੱਜ ਦੇ ਦੌਰ ਵਿੱਚ ਮਰਦ ਵੀ ਇਸ ਕੰਮ ਵਿੱਚ ਬਰਾਬਰੀ ਕਰਦੇ ਦਿਖਾਈ ਦਿੰਦੇ ਹਨ।

ਮਹਿਕਮਾ ਚੁਗਲੀ ਕਰਨ ਦਾ ਹੋਵੇ ਜਾ ਚੁਗਲੀ ਸੁਣਨ ਦਾ - ਟਕੱਰ ਬਰਾਬਰ ਦੀ ਚੱਲ ਰਹੀ ਹੈ ।ਇਹੋ ਸਮੱਸਿਆਂ ਦੇ ਚਲਦੇ ਸਾਡੇ ਆਸਪਾਸ ਸਮੱਸਿਆਵਾਂ, ਆਪਸੀ ਪਾੜੇ, ਮਤਭੇਦ ਅਤੇ ਵਖਰੇਵੇਂ ਵਧ ਰਹੇ ਹਨ।ਮਨੁੱਖਾਂ ਦੇ ਆਪਸੀ ਰਿਸ਼ਤੇ ਕੰਮਕਾਜ ਦਾ ਮਹੌਲ ਸਮਾਜਿਕ ਸਾਂਝ ਸਭ ਖਰਾਬ ਹੋ ਰਿਹਾ ਹੈ। ਸੋ ਅੱਜ ਜਰੂਰਤ ਹੈ ਇਸ ਕੰਨਾਂ ਦੇ ਰਸ ਨੂੰ ਉਸਾਰੂ ਢੰਗ ਨਾਲ ਵਰਤਣ ਦੀ। ਕੋਸ਼ਿਸ਼ ਕਰੀਏ ਕਿ ਕਿਸੇ ਹੋਰ ਦੀ ਜੁਬਾਨ ਦਾ ਰਸ ਜੇਕਰ ਮਿੱਠਾ ਹੋਵੇ ਤਾਂ ਹੀ ਆਪਣੇ ਦਿਮਾਗ ਤੱਕ ਪਹੁੰਚਣ ਦੇਈਏ। ਸੁਣੀ ਸੁਣਾਈ ਤੇ ਭਰੋਸਾ ਘੱਟ ਤੇ ਅੱਖੋਂ ਦੇਖੀ , ਹੰਢਾਈ -ਵਰਤਾਈ ਤੇ ਯਕੀਨ ਕਰਨਾ ਸ਼ੁਰੂ ਕਰੀਏ। ਨਾਲ ਦੀ ਨਾਲ ਆਪਣੀ ਸੋਚ ਨੂੰ ਵੀ ਸਕਾਰਾਤਮਕ ਬਣਾਈਏ ਤਾਂ ਜੋ ਕੌੜਾ ਰਸ ਵੀ ਸਾਡੇ ਕੰਨਾ ਵਿੱਚ ਆਂਪਣੀ ਪ੍ਰਵਿਰਤੀ ਬਦਲਣ ਲਈ ਮਜਬੂਰ ਹੋ ਜਾਵੇ । ਜੇਕਰ ਅਸੀਂ ਅਜਿਹਾ ਕਰਨ ਵਿੱਚ ਕਾਮਯਾਬ ਹੋ ਜਾਦੇ ਹਾਂ ਤਾਂ ਯਕੀਨ ਮੰਨੋ ਸਾਡੇ ਆਸਪਾਸ ਦਾ ਮਹੌਲ ਪੂਰਾ ਨਹੀ ਤਾਂ ਅੱਧਾ ਤਾਂ ਜਰੂਰ ਹੀ ਸੁਖਾਵਾਂ ਹੋ ਜਾਵੇਗਾ।




# ਗੁਲਜ਼ਾਰ ਗਰੁੱਪ ਦੀਆਂ ਸਾਲਾਨਾ ਖੇਡਾਂ ਯਾਦਗਾਰੀ ਹੋ ਨਿੱਬੜੀਆਂ

## ਵਿਦਿਆਰਥੀਆਂ ਅਤੇ ਸਟਾਫ਼ ਨੇ ਮੈਦਾਨ ਵਿਚ ਕੀਤਾ ਖੇਡ ਪ੍ਰਤਿਭਾ ਦਾ ਬਿਹਤਰੀਨ ਪ੍ਰਦਰਸ਼ਨ

### ਓਵਰਆਲ ਟਰਾਫ਼ੀ ਬੀ ਬੀ ਏ ਵਿਭਾਗ ਨੇ ਜਿੱਤੀ





ਗੁਲਜ਼ਾਰ ਗਰੁੱਪ ਆਫ਼ ਇੰਸਟੀਚਿਊਟਸ ਦੀਆਂ ਸਾਲਾਨਾ ਖੇਡਾਂ ਖੱਟੀਆਂ ਮਿੱਠੀਆਂ ਯਾਦਾਂ ਛੱਡਦੀਆਂ ਖ਼ਤਮ ਹੋਈਆਂ। ਜੋਸ਼ ਨਾਲ ਭਰੇ ਇਸ ਸਾਲਾਨਾ ਖੇਡ ਮੇਲੇ ਵਿਚ ਗੁਲਜ਼ਾਰ ਗਰੁੱਪ ਦੇ ਕੰਪਿਊਟਰ ਸਾਇੰਸ, ਇਲੈਕਟ੍ਰੋਨਿਕ ਇੰਜੀਨੀਅਰਿੰਗ, ਮਕੈਨੀਕਲ ਇੰਜੀਨੀਅਰਿੰਗ, ਮਾਸ ਕਮਿਊਨੀਕੇਸ਼ਨ, ਮੈਨੇਜਮੈਂਟ ਸਮੇਤ ਸਭ ਵਿਭਾਗਾਂ ਦਰਮਿ-ਆਨ ਵੱਖ-ਵੱਖ ਈਵੇਂਟਸ ਦੇ ਮੁਕਾਬਲੇ ਸ਼ੁਰੂ ਕੀਤੇ ਗਏ।

ਜਿਸ ਵਿਚ 1800 ਦੇ ਕਰੀਬ ਵਿਦਿਆਰਥੀਆਂ ਨੇ ਹਿੱਸਾ ਲਿਆ। ਆਊਟ ਡੋਰ ਕੈਟਾਗਰੀ ਵਿਚ ਵਿਦਿਆਰਥੀਆਂ ਨੇ ਐਥਲੈਟਿਕ ਵਿਚ ਲਾਂਗ ਜੰਪ,ਹਾਈ ਜੰਪ,ਜੈਲਵਿਨ, ਡਿਸਕਸ ਥ੍ਰੋ,100 ਮੀਟਰ ਅਤੇ 200 ਮੀਟਰ ਰੇਸ,ਕ੍ਰਿਕਟ ਸਮੇਤ ਕੁੱਲ 23 ਖੇਡਾਂ ਵਿਚ ਹਿੱਸਾ ਲਿਆ।ਸਮਾਗਮ ਦੇ ਸਮਾਪਨ ਵਿਚ ਫਨ ਗੇਮਜ਼ ਜਿਵੇਂ ਟੱਗ ਆਫ਼ ਵਾਰ, ਪਟੈਟੋ ਰੇਸ, ਕ ਰੇਸ, ਈਟਿੰਗ ਨੂਡਲਜ਼, ਫਾਇੰਡਗ ਬਾੱਲਜ਼ ਇਨ ਮੱਡ, ਥ੍ਰੀ ਲੈਗਡ ਰੇਸ ਆਦਿ ਨੇ ਸਾਰੇ ਮੌਜੂਦ ਲੋਕਾਂ ਦਾ ਖੂਬ ਮੌਨਰੰਜਨ ਕੀਤਾ। ਇਸ ਖੇਡ ਦਿਹਾੜੇ ਦਾ ਸਭ ਤੋਂ ਦਿਲਚਸਪ ਮੈਚ ਵਿਦਿਆਰਥੀਆਂ ਅਤੇ ਸਟਾਫ਼ ਮੈਂਬਰਾਂ ਵਿਚਕਾਰ ਐਥਲੈਟਿਕਸ ਅਤੇ ਵਾਲੀਬਾਲ ਮੁਕਾਬਲਿਆਂ ਦੇ ਮੈਚ ਰਹੇ ਜਿਸ ਦਾ ਸਾਰੇ ਦਰਸ਼ਕਾਂ ਨੇ ਖੂਬ ਆਨੰਦ ਮਾਣਿਆ । ਇਸ ਦੇ ਇਲਾਵਾ ਰੱਸਾਕਸ਼ੀ ਦੇ ਖੇਡ ਵਿਚ ਖਿਡਾਰੀਆਂ ਦੇ ਨਾਲ ਨਾਲ ਦਰਸ਼ਕ ਵੀ ਖੂਬ ਉਤਸ਼ਾਹਿਤ ਨਜ਼ਰ ਆਏ।

200 ਮੀਟਰ ਦੌੜ ਵਿਚ ਲੜਕਿਆਂ ਦੇ ਵਰਗ ਵਿਚ ਯੁਵਰਾਜ ਅਤੇ ਲੜਕੀਆਂ ਦੇ 200 ਵਰਗ ਵਿਚ ਮੌਸਮੀ ਕੁਮਾਰੀ ਨੇ ਪਹਿਲਾ ਸਥਾਨ ਹਾਸਲ ਕੀਤਾ। ਇਸੇ ਤਰਾਂ 400 ਮੀਟਰ ਦੌੜ ਲੜਕਿਆਂ ਦੇ ਵਰਗ ਵਿਚ ਜਸਪ੍ਰੀਤ ਸਿੰਘ ਅਤੇ ਲੜਕੀਆਂ ਦੇ ਵਰਗ ਵਿਚ ਹਰਸ਼ਪ੍ਰੀਤ ਕੌਰ ਪਹਿਲੇ ਸਥਾਨ ’ਤੇ ਰਹੀ। ਬੈਡਮਿੰਟਨ ਵਿਚ ਸ਼ਿਵਮ, ਆਰਿਅਨ, ਖ਼ਿਆ ਸ਼ਾਲੂ ਅਤੇ ਕਿਪਾ ਮਾਮਾ ਪਹਿਲੇ ਸਥਾਨ ’ਤੇ ਰਹੇ। ਸ਼ਾਟਪੁੱਟ ਵਿਚ ਸਾਰਾ ਨਿਆਸ ਅਤੇ ਐਡਲਿਨ ਰੁਏਂਡੋ ਪਹਿਲੇ ਸਥਾਨ ’ਤੇ ਰਹੇ। ਡਿਸਕ ਥਰੋਅ ਵਿਚ ਫੈਜ਼ਲ ਫਯਾਜ਼ ਅਤੇ ਲਿਨ ਤਨੁਤਾ ਪਹਿਲਾ ਸਥਾਨ ਜਿੱਤਿਆਂ। ਅਖੀਰ ਵਿਚ ਸਖ਼ਤ ਮੁਕਾਬਲੇ ਤੋਂ ਬਾਅਦ ਓਵਰਆਲ ਟਰਾਫ਼ੀ ਬੀ ਬੀ ਏ ਵਿਭਾਗ ਨੇ ਜਿੱਤੀ।

ਇਸ ਮੌਕੇ ਤੇ ਗਰੁੱਪ ਦੇ ਚੇਅਰਮੈਨ ਗੁਰਚਰਨ ਸਿੰਘ ਨੇ ਵਿਦਿਆਰਥੀਆਂ ਨੂੰ ਸੰਬੋਧਨ ਕਰਦੇ ਹੋਏ ਕਿਹਾ ਕਿ ਖੇਡਾਂ ਇਕ ਵਿਦਿਆਰਥੀ ਦੀ ਚੰਗੀ ਪਰਸਨੇਲਿਟੀ ਬਣਾਉਣ ਦੇ ਨਾਲ ਨਾਲ ਸਕਾਰਤਮਕ ਸੋਚ ਬਣਾਉਣ ਵਿਚ ਵੀ ਮਹੱਤਵਪੂਰਨ ਯੋਗਦਾਨ ਪਾਉਂਦੀਆਂ ਹਨ। ਇਸ ਦੇ ਨਾਲ ਹੀ ਉਨ੍ਹਾਂ ਨੇ ਵਿਦਿਆਰਥੀਆਂ ਨੂੰ ਖੇਡ ਨੂੰ ਆਪਣੀ ਜੀਵਨ ਸ਼ੈਲੀ ਦਾ ਹਿੱਸਾ ਬਣਾਉਣ ਦੀ ਪ੍ਰੇਰਨਾ ਦਿੰਦੇ ਹੋਏ ਉਨ੍ਹਾਂ ਦੇ ਸਫਲ ਜੀਵਨ ਦੀ ਕਾਮਨਾ ਕੀਤੀ ।

ਐਗਜ਼ੀਕਿਊਟਿਵ ਡਾਇਰੈਕਟਰ ਗੁਰਕੀਰਤ ਸਿੰਘ ਨੇ ਵਿਦਿਆਰਥੀਆਂ ਵੱਲੋਂ ਪੇਸ਼ ਕੀਤੀ ਗਈ ਖੇਡ ਭਾਵਨਾ ਅਤੇ ਉਨ੍ਹਾਂ ਦੀ ਪੇਸ਼ਕਸ਼ ਦੀ ਭਰਪੂਰ ਸ਼ਲਾਘਾ ਕਰਦੇ ਹੋਏ ਕਿਹਾ ਕਿ ਸਿੱਖਿਆਂ ਦੀ ਤਰਾਂ ਖੇਡਾਂ ਵੀ ਸਾਡੇ ਜੀਵਨ ਦਾ ਅਨਿੱਖੜਵਾਂ ਅੰਗ ਹਨ ਅਤੇ ਚੀਨ,ਯੂਰਪ ਅਤੇ ਅਮਰੀਕਾ ਦੀ ਤਰਾਂ ਸਾਡੇ ਦੇਸ਼ ‘ਚ ਵੀ ਸਕੂਲ ਪੱਧਰ ਤੇ ਹੀ ਖੇਡਾਂ ਨੂੰ ਪ੍ਰੋਤਸਾਹਿਤ ਕਰਨਾ ਚਾਹੀਦਾ ਹੈ। ਉਨ੍ਹਾਂ ਵਿਦਿਆਰਥੀਆਂ ਨੂੰ ਪ੍ਰੇਰਨਾ ਦਿਤੀ ਕਿ ਜੇਕਰ ਉਹ ਜ਼ਿੰਦਗੀ ‘ਚ ਇਕ ਕਾਮਯਾਬ ਹਸਤੀ ਬਣਨਾ ਚਾਹੁੰਦੇ ਹਨ ਤਾਂ ਪੜਾਈ ਅਤੇ ਖੇਡਾਂ ‘ਚ ਵੱਧ ਤੋਂ ਵੱਧ ਭਾਗ ਲੈਣ ।

ਗੁਰਕੀਰਤ ਸਿੰਘ ਨੇ ਸਾਰੇ ਵਿਦਿਆਰਥੀਆਂ ਅਤੇ ਮਹਿਮਾਨਾਂ ਦਾ ਧੰਨਵਾਦ ਕਰਦੇ ਹੋਏ ਸਾਰਿਆ ਨੂੰ ਵੱਧ ਤੋਂ ਵੱਖ ਖੇਡਾਂ ਨਾਲ ਜੁੜਨ ਦੀ ਪ੍ਰੇਰਨਾ ਦਿਤੀ ।ਅੰਤ ‘ਚ ਜੇਤੂ ਖਿਡਾਰੀਆਂ ਨੂੰ ਮੈਡਲ ਅਤੇ ਸੈਟੀਫੀਕੇਟ ਵੰਡੇ ਗਏ ਅਤੇ ਰੰਗ-ਬਰੰਗੇ ਗੁਬਾਰੇ ਛੱਡੇ ਗਏ ।




# ਮੁੱਖ ਮੰਤਰੀ ਨੇ ਪੁਲਿਸ ਅਧਿਕਾਰੀਆਂ ਨੂੰ ਸੂਬੇ ਵਿੱਚ ਨਿਰਪੱਖ ਅਤੇ ਸ਼ਾਂਤਮਈ ਚੋਣਾਂ ਲਈ ਪੁਖਤਾ ਬੰਦੋਬਸਤ ਕਰਨ ਲਈ ਆਖਿਆ

## ਪੰਜਾਬ ਪੁਲਿਸ ਦੇ ਸੀਨੀਅਰ ਅਧਿਕਾਰੀਆਂ ਨਾਲ ਮੀਟਿੰਗ



ਲੁਧਿਆਣਾ, 13 ਮਾਰਚ (ਗਿਆਨ ਸਿੰਘ): ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ ਪੁਲਿਸ ਅਧਿਕਾਰੀਆਂ ਨੂੰ ਅਗਾਮੀ ਲੋਕ ਸਭਾ ਚੋਣਾਂ ਬਿਨਾਂ ਕਿਸੇ ਡਰ-ਭੈਅ, ਨਿਰਪੱਖ ਅਤੇ ਸ਼ਾਂਤਮਈ ਢੰਗ ਨਾਲ ਕਰਵਾਉਣ ਲਈ ਆਖਿਆ।

ਅੱਜ ਇੱਥੇ ਪੁਲਿਸ ਦੇ ਇੰਸਪੈਕਟਰ ਜਨਰਲ, ਪੁਲਿਸ ਕਮਿਸ਼ਨਰਾਂ ਅਤੇ ਐਸ.ਐਸ.ਪੀਜ਼ ਸਮੇਤ ਸੀਨੀਅਰ ਪੁਲਿਸ ਅਧਿਕਾਰੀਆਂ ਨਾਲ ਮੀਟਿੰਗ ਦੌਰਾਨ ਮੁੱਖ ਮੰਤਰੀ ਨੇ ਕਿਹਾ ਕਿ ਇਹ ਚੋਣਾਂ ਨਿਰਵਿਘਨ ਤੇ ਸੁਚਾਰੂ ਢੰਗ ਨਾਲ ਹੋਣੀਆਂ ਲਾਜ਼ਮੀ ਹਨ ਤਾਂ ਕਿ ਲੋਕ ਆਜ਼ਾਦੀ ਨਾਲ ਵੋਟ ਪਾ ਸਕਣ। ਉਨ੍ਹਾਂ ਕਿਹਾ ਕਿ ਇਹ ਚੋਣਾਂ ਜਮਹੂਰੀਅਤ ਦਾ ਜਸ਼ਨ ਹਨ ਜਿਸ ਕਰਕੇ ਇਹ ਯਕੀਨੀ ਬਣਾਉਣਾ ਚਾਹੀਦਾ ਹੈ ਕਿ ਹਰੇਕ ਵੋਟਰ ਬੇਖੌਫ਼ ਹੋ ਕੇ ਇਨ੍ਹਾਂ ਚੋਣਾਂ ਵਿੱਚ ਹਿੱਸਾ ਲਵੇ।

ਭਗਵੰਤ ਸਿੰਘ ਮਾਨ ਨੇ ਕਿਹਾ ਕਿ ਪੁਲਿਸ ਅਧਿਕਾਰੀਆਂ ਨੂੰ ਇਸ ਮੰਤਵ ਲਈ ਢੁਕਵੇਂ ਪ੍ਰਬੰਧ ਕਰਨੇ ਚਾਹੀਦੇ ਹਨ ਅਤੇ ਇਸ ਨੇਕ ਕਾਰਜ ਲਈ ਕੋਈ ਕਸਰ ਬਾਕੀ ਨਹੀਂ ਛੱਡਣੀ ਚਾਹੀਦੀ। ਮੁੱਖ ਮੰਤਰੀ ਨੇ ਪੁਲਿਸ ਅਧਿਕਾਰੀਆਂ ਨੂੰ ਕਿਹਾ ਕਿ ਇਹ ਚੋਣਾਂ ਸ਼ਾਂਤਮਈ ਢੰਗ ਨਾਲ ਕਰਵਾਉਣ ਲਈ ਸਿਆਸੀ ਪਾਰਟੀਆਂ ਸਮੇਤ ਸਾਰੇ ਪ੍ਰਮੁੱਖ ਭਾਈਵਾਲਾਂ ਨਾਲ ਤਾਲਮਲ ਕੀਤਾ ਜਾਵੇ। ਉਨ੍ਹਾਂ ਕਿਹਾ ਕਿ ਸਿਆਸੀ ਪਾਰਟੀਆਂ ਵਿੱਚ ਸੁਰੱਖਿਆ ਅਤੇ ਹਿਫਾਜ਼ਤ ਦੀ ਭਾਵਨਾ ਹੋਣੀ ਚਾਹੀਦੀ ਹੈ ਤਾਂ ਕਿ ਸਾਰੀਆਂ ਪਾਰਟੀਆਂ ਵੱਧ-ਚੜ੍ਹ ਕੇ ਚੋਣਾਂ ਵਿੱਚ ਹਿੱਸਾ ਲੈ ਸਕਣ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਦੇਸ਼ ਦਾ ਸੰਵਿਧਾਨ ਸਾਰੀਆਂ ਸਿਆਸੀ ਪਾਰਟੀਆਂ ਨੂੰ ਬਰਾਬਰ ਦੇ ਮੌਕੇ ਪ੍ਰਦਾਨ ਕਰਦਾ ਹੈ ਤਾਂ ਕਿ ਉਹ ਚੋਣਾਂ ਵਿੱਚ ਸ਼ਿਰਕਤ ਕਰ ਸਕਣ ਅਤੇ ਇਸ ਦੀ ਪਾਲਣਾ ਨੂੰ ਹਰ ਹਾਲ ਵਿੱਚ ਯਕੀਨੀ ਬਣਾਇਆ ਜਾਵੇ।

ਇਕ ਹੋਰ ਮਸਲੇ ਉਤੇ ਗੱਲ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਪੰਜਾਬ ਪੁਲਿਸ ਦੀ ਸਹਾਇਤਾ ਲਈ ਅਰਧ ਸੈਨਿਕ ਬਲਾਂ ਦੀਆਂ ਕਈ ਕੰਪਨੀਆਂ ਵੀ ਸੂਬੇ ਵਿੱਚ ਛੇਤੀ ਹੀ ਪਹੁੰਚ ਜਾਣਗੀਆਂ। ਉਨ੍ਹਾਂ ਕਿਹਾ ਕਿ ਇਹ ਫੋਰਸਾਂ ਸੂਬੇ ਦੀਆਂ ਰਵਾਇਤਾਂ, ਧਰਮ, ਅਤੇ ਰੀਤਾ-ਰਿਵਾਜਾਂ ਤੋਂ ਅਣਜਾਣ ਹੁੰਦੀਆਂ ਹਨ ਜਿਸ ਕਰਕੇ ਪੰਜਾਬ ਪੁਲਿਸ ਨੂੰ ਇਹ ਯਕੀਨੀ ਬਣਾਉਣਾ ਚਾਹੀਦਾ ਹੈ ਕਿ ਲੋਕਾਂ ਦੀਆਂ ਧਾਰਮਿਕ ਭਾਵਨਾਵਾਂ ਨੂੰ ਕਿਸੇ ਤਰ੍ਹਾਂ ਠੇਸ ਨਾ ਪਹੁੰਚੇ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਇਸ ਦੀ ਪਾਲਣਾ ਕਰਨਾ ਬਹੁਤ ਮਹੱਤਵਪੂਰਨ ਹੈ ਕਿਉਂਕਿ ਸੂਬੇ ਵਿੱਚ ਅਮਨ-ਕਾਨੂੰਨ ਦੀ ਵਿਵਸਥਾ ਕਾਇਮ ਰੱਖਣ ਲਈ ਲੋਕਾਂ ਦੀਆਂ ਭਾਵਨਾਵਾਂ ਦਾ ਖਿਆਲ ਰੱਖਣਾ ਸਭ ਤੋਂ ਜ਼ਰੂਰੀ ਹੈ।

ਮੁੱਖ ਮੰਤਰੀ ਨੇ ਪੁਲਿਸ ਅਧਿਕਾਰੀਆਂ ਨੂੰ ਕਿਹਾ ਕਿ ਜ਼ਿਲ੍ਹਾ ਅਤੇ ਸੂਬਾ ਪੱਧਰ ਉਤੇ ਸਿਵਲ ਅਤੇ ਪੁਲਿਸ ਪ੍ਰਸ਼ਾਸਨ ਦਰਮਿਆਨ ਢੁਕਵਾਂ ਤਾਲਮੇਲ ਯਕੀਨੀ ਬਣਾਇਆ ਜਾਵੇ। ਉਨ੍ਹਾਂ ਕਿਹਾ ਕਿ ਸੂਬੇ ਵਿੱਚ ਚੋਣ ਪ੍ਰਕਿਰਿਆ ਨੂੰ ਸੁਚਾਰੂ ਢੰਗ ਨਾਲ ਨੇਪਰੇ ਚਾੜ੍ਹਨ ਲਈ ਇਸ ਦਾ ਪਾਲਣ ਕਰਨਾ ਬਹੁਤ ਜ਼ਰੂਰੀ ਹੈ। ਉਨ੍ਹਾਂ ਕਿਹਾ ਕਿ ਇਸ ਕਦਮ ਨਾਲ ਸਮੁੱਚੇ ਪ੍ਰਸ਼ਾਸਨ ਨੂੰ ਲਾਭ ਹੋਵੇਗਾ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਪੁਲਿਸ ਨੂੰ ਸੂਬੇ ਵਿੱਚ ਗੈਰ-ਕਾਨੂੰਨੀ ਹਥਿਆਰਾਂ ਦੀ ਸਮੱਸਿਆ ਨੂੰ ਰੋਕਣ ਲਈ ਵਿਆਪਕ ਪੱਧਰ ਉਤੇ ਮੁਹਿੰਮ ਚਲਾਉਣੀ ਚਾਹੀਦੀ ਹੈ ਅਤੇ ਅਜਿਹੇ ਹਥਿਆਰ ਰੱਖਣ ਵਾਲਿਆਂ ਖਿਲਾਫ਼ ਸਖ਼ਤ ਕਾਰਵਾਈ ਕਰਨੀ ਚਾਹੀਦੀ ਹੈ।

ਮੁੱਖ ਮੰਤਰੀ ਨੇ ਕਿਹਾ ਕਿ ਸੂਬਾ ਭਰ ਵਿੱਚ ਲਾਇਸੰਸੀ ਹਥਿਆਰਾ ਜਮ੍ਹਾਂ ਕਰਵਾਉਣ ਦੀ ਪ੍ਰਕਿਰਿਆ ਵਿੱਚ ਤੇਜ਼ੀ ਲਿਆਉਣੀ ਚਾਹੀਦੀ ਹੈ ਅਤੇ ਇਸ ਨੂੰ ਚੋਣਾਂ ਤੋਂ ਪਹਿਲਾਂ ਮੁਕੰਮਲ ਕੀਤਾ ਜਾਵੇ। ਉਨ੍ਹਾਂ ਕਿਹਾ ਕਿ ਇਹ ਸਮੇਂ ਦੀ ਲੋੜ ਹੈ ਕਿ ਸੂਬੇ ਵਿੱਚ ਸ਼ਾਂਤਮਈ ਚੋਣਾਂ ਕਰਵਾਈਆਂ ਜਾਣ ਅਤੇ ਇਸ ਵਿੱਚ ਕਿਸੇ ਕਿਸਮ ਦੀ ਲਾਪਰਵਾਹੀ ਬਰਦਾਸ਼ਤ ਨਹੀਂ ਕੀਤੀ ਜਾਵੇਗੀ। ਭਗਵੰਤ ਸਿੰਘ ਮਾਨ ਨੇ ਅਧਿਕਾਰੀਆਂ ਨੂੰ ਚੋਣ ਬੁਲੇਟਿਨ ਨਿਰੰਤਰ ਜਾਰੀ ਕਰਨ ਨੂੰ ਯਕੀਨੀ ਬਣਾਉਣ ਲਈ ਆਖਿਆ ਤਾਂ ਕਿ ਲੋਕਾਂ ਨੂੰ ਚੋਣਾਂ ਸਬੰਧੀ ਚੁੱਕੇ ਜਾ ਰਹੇ ਕਦਮਾਂ ਬਾਰੇ ਤਾਜ਼ਾ ਜਾਣਕਾਰੀ ਹਾਸਲ ਹੁੰਦੀ ਰਹੇ।

ਮੁੱਖ ਮੰਤਰੀ ਨੇ ਕਿਹਾ ਕਿ ਚੋਣਾਂ ਦੌਰਾਨ ਅਫਵਾਹਾਂ ਫੈਲਾਉਣ ਵਾਲਿਆਂ ਨਾਲ ਕਰੜੇ ਹੱਥੀਂ ਨਿਪਟਿਆ ਜਾਵੇ ਅਤੇ ਲੋਕਾਂ ਨੂੰ ਜਾਗਰੂਕ ਕਰਨ ਲਈ ਸੋਸ਼ਲ ਅਤੇ ਇਲੈਕਟ੍ਰਾਨਿਕ ਮੀਡੀਆ ਦੇ ਵੱਖ-ਵੱਖ ਪਲੇਟਫਾਰਮਾਂ ਦੀ ਵਰਤੋਂ ਵੀ ਕੀਤੀ ਜਾਣੀ ਚਾਹੀਦੀ ਹੈ। ਉਨ੍ਹਾਂ ਨੇ ਉਮੀਦ ਜ਼ਾਹਰ ਕੀਤੀ ਕਿ ਪੁਲਿਸ ਫੋਰਸ ਨੂੰ ਹਾਲ ਹੀ ਵਿੱਚ ਮੁਹੱਈਆ ਕਰਵਾਏ ਗਏ ਹਾਈ-ਟੈੱਕ ਵਾਹਨਾਂ ਨੂੰ ਵੱਧ ਤੋਂ ਵੱਧ ਵਰਤੋਂ ਵਿੱਚ ਲਿਆਂਦਾ ਜਾਣਾ ਚਾਹੀਦਾ ਹੈ ਜਿਸ ਨਾਲ ਸਥਿਤੀ ਨਾਲ ਵਧੇਰੇ ਕਾਰਗਰ ਨਾਲ ਨਿਪਟਿਆ ਜਾ ਸਕਦਾ ਹੈ। ਭਗਵੰਤ ਸਿੰਘ ਮਾਨ ਨੇ ਜ਼ਿਲ੍ਹਿਆਂ ਵਿੱਚ ਸਾਰੀਆਂ ਨਾਜ਼ੁਕ ਥਾਵਾਂ ਖਾਸ ਕਰਕੇ ਪੁਲਿਸ ਨਾਕਿਆਂ ਉਤੇ ਸੀ.ਸੀ.ਟੀ.ਵੀ. ਸਥਾਪਤ ਕਰਨ ਨੂੰ ਵੀ ਯਕੀਨੀ ਬਣਾਉਣ ਲਈ ਆਖਿਆ।

# ਨੌਜਵਾਨਾਂ ਨੂੰ ਸਹੀ ਦਿਸ਼ਾ ਦਿਖਾਉਣ ’ਤੇ ਹੋਈ ਵਿਚਾਰ ਚਰਚਾ

ਸ੍ਰੀ ਮੁਕਤਸਰ ਸਾਹਿਬ, 13 ਮਾਰਚ( ਗਿਆਨ ਸਿੰਘ): ਭਗਵੰਤ ਸਿੰਘ ਮਾਨ ਮੁੱਖ ਮੰਤਰੀ ਪੰਜਾਬ ਵੱਲੋਂ ਸੂਬੇ ਅੰਦਰ ਨਸ਼ਿਆਂ ਖਿਲਾਫ ਵਿੱਢੀ ਗਈ ਮੁਹਿੰਮ ਤਹਿਤ ਅੱਜ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ, ਸ੍ਰੀ ਮੁਕਤਸਰ ਸਾਹਿਬ ਵਿਖੇ ਡਿਪਟੀ ਕਮਿਸ਼ਨਰ, ਸ੍ਰੀ ਹਰਪ੍ਰੀਤ ਸਿੰਘ ਸੂਦਨ ਦੀ ਪ੍ਰਧਾਨਗੀ ਹੇਠ ਮੀਟਿੰਗ ਹੋਈ। ਉਨ੍ਹਾਂ ਮੀਟਿੰਗ ਨੂੰ ਸੰਬੋਧਨ ਕਰਦਿਆਂ ਸਿੱਖਿਆ ਵਿਭਾਗ ਨੂੰ ਕਿਹਾ ਕਿ ਜ਼ਿਲ੍ਹੇ ਦੇ ਸਕੂਲਾਂ ਅਤੇ ਕਾਲਜਾਂ ਵਿੱਚ ਵਿਦਿਆਰਥੀਆਂ ਸਹੀ ਦਿਸ਼ਾ ਵਿੱਚ ਲਗਾਉਣ ਲਈ ਜਾਗਰੂਕਤਾ ਕੈਂਪ ਲਗਾਏ ਜਾਣ। ਉਨ੍ਹਾਂ ਇਹ ਵੀ ਕਿਹਾ ਕਿ ਜੇਕਰ ਕੋਈ ਵਿਦਿਆਰਥੀ ਨਸ਼ਾ ਕਰਦਾ ਵੀ ਹੈ ਤਾਂ ਉਸ ਨਾਲ ਰਾਬਤਾ ਕਾਇਮ ਕਰਕੇ ਉਸਨੂੰ ਇਸ ਬੁਰੀ ਅਲਾਮਤ ਨੂੰ ਛੱਡਣ ਸਬੰਧੀ ਵੀ ਜਾਣਕਾਰੀ ਦਿੱਤੀ ਜਾਵੇ ਅਤੇ ਇਸ ਤੋਂ ਹੋਣ ਵਾਲੇ ਮਾੜੇ ਪ੍ਰਭਾਵਾਂ ਬਾਰੇ ਵਿਸਥਾਰ ਨਾਲ ਜਾਣੂੰ ਕਰਵਾਇਆ ਜਾਵੇ ਅਤੇ ਉਹ ਆਪਣੇ ਪਰਿਵਾਰਕ ਮੈਂਬਰਾਂ ਨਾਲ ਇਸ ਸਬੰਧੀ ਹੋਣ ਵਾਲੇ ਨੁਕਸਾਨ ਬਾਰੇ ਜਾਣੂੰ ਕਰਵਾ ਸਕੇ।ਉਨ੍ਹਾਂ ਪੁਲਿਸ ਵਿਭਾਗ ਨੂੰ ਹਦਾਇਤ ਕੀਤੀ ਕਿ ਜ਼ੇਲ੍ਹ ਅੰਦਰ ਬੰਦ ਕੈਦੀਆਂ ਨੂੰ ਨਸ਼ੇ ਦੇ ਹੋਣ ਵਾਲੇ ਮਾੜੇ ਪ੍ਰਭਾਵਾਂ ਬਾਰੇ ਜਾਗਰੂਕ ਕੀਤਾ ਜਾਵੇ।



# ਲੰਪੀ ਸਕਿੱਨ ਬਿਮਾਰੀ ਤੋਂ ਬਚਾਅ ਲਈ 50 ਫੀਸਦੀ ਗਊਆਂ ਦਾ ਟੀਕਾਕਰਨ ਮੁਕੰਮਲ : ਗੁਰਮੀਤ ਸਿੰਘ ਖੁੱਡੀਆਂ

ਚੰਡੀਗੜ੍ਹ, 13 ਮਾਰਚ (ਪੋਸਟ ਬਿਊਰੋ): ਲੰਪੀ ਸਕਿੱਨ ਬਿਮਾਰੀ ਤੋਂ ਬਚਾਅ ਲਈ ਚਲਾਈ ਜਾ ਰਹੀ ਵਿਆਪਕ ਟੀਕਾਕਰਨ ਮੁਹਿੰਮ ਤਹਿਤ ਪੰਜਾਬ ਦੇ ਪਸ਼ੂ ਪਾਲਣ ਵਿਭਾਗ ਨੇ ਮਹਿਜ਼ 17 ਦਿਨਾਂ ਅੰਦਰ ਲਗਭਗ 50 ਫੀਸਦੀ ਗਊਆਂ ਦਾ ਟੀਕਾਕਰਨ ਮੁਕੰਮਲ ਕਰ ਲਿਆ ਹੈ। ਲੰਪੀ ਸਕਿੱਨ ਇੱਕ ਵਾਇਰਲ ਬਿਮਾਰੀ ਹੈ, ਜਿਸ ਨਾਲ ਪਸ਼ੂਆਂ ਨੂੰ ਬੁਖਾਰ ਦੇ ਨਾਲ-ਨਾਲ ਚਮੜੀ 'ਤੇ ਧੱਫੜ ਹੋ ਜਾਂਦੇ ਹਨ ਅਤੇ ਇਹ ਪਸ਼ੂਆਂ ਲਈ ਜਾਨਲੇਵਾ ਹੋ ਸਕਦੀ ਹੈ।



ਜ਼ਿਕਰਯੋਗ ਹੈ ਕਿ ਇਹ ਮੁਹਿੰਮ ਇਸ ਸਾਲ 25 ਫਰਵਰੀ ਨੂੰ ਸ਼ੁਰੂ ਕੀਤੀ ਗਈ ਸੀ, ਜਿਸ ਤਹਿਤ ਗਊਵੰਸ਼ ਨੂੰ ਇਸ ਘਾਤਕ ਬਿਮਾਰੀ ਤੋਂ ਬਚਾਉਣ ਲਈ ਬੂਸਟਰ ਡੋਜ਼ ਵਜੋਂ ਗੋਟ ਪੌਕਸ ਵੈਕਸੀਨ ਤੀਜੀ ਵਾਰ ਲਗਾਈ ਜਾ ਰਹੀ ਹੈ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਪੰਜਾਬ ਦੇ ਪਸ਼ੂ ਪਾਲਣ, ਡੇਅਰੀ ਵਿਕਾਸ ਅਤੇ ਮੱਛੀ ਪਾਲਣ ਮੰਤਰੀ ਸ. ਗੁਰਮੀਤ ਸਿੰਘ ਖੁੱਡੀਆਂ ਨੇ ਦੱਸਿਆ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਨੇ ਇਸ ਵਿਆਪਕ ਮੁਹਿੰਮ ਤਹਿਤ ਸੂਬੇ ਦੇ 25 ਲੱਖ ਗਊਵੰਸ਼ ਦੇ 100 ਫ਼ੀਸਦੀ ਟੀਕਾਕਰਨ ਦਾ ਟੀਚਾ ਮਿੱਥਿਆ ਹੈ। ਉਨ੍ਹਾਂ ਕਿਹਾ ਕਿ ਵਿਭਾਗ ਵੱਲੋਂ ਸੂਬੇ ਵਿੱਚ ਹੁਣ ਤੱਕ 12,49,779 ਪਸ਼ੂਆਂ ਦਾ ਟੀਕਾਕਰਨ ਕੀਤਾ ਜਾ ਚੁੱਕਾ ਹੈ। ਕੈਬਨਿਟ ਮੰਤਰੀ ਨੇ ਵਿਭਾਗ ਦੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਸੂਬੇ ਵਿੱਚ 16 ਅਪ੍ਰੈਲ ਤੱਕ 25 ਲੱਖ ਗਊਵੰਸ਼ ਦੇ 100 ਫ਼ੀਸਦੀ ਟੀਕਾਕਰਨ ਨੂੰ ਯਕੀਨੀ ਬਣਾਉਣ ਲਈ ਮੁਹਿੰਮ ਨੂੰ ਹੋਰ ਤੇਜ਼ ਕੀਤਾ ਜਾਵੇ। ਉਨ੍ਹਾਂ ਦੱਸਿਆ ਕਿ ਵੈਕਸੀਨ ਦੀਆਂ ਰੋਜ਼ਾਨਾ 60,000 ਖੁਰਾਕਾਂ ਲਗਾਉਣ ਦੇ ਟੀਚੇ ਦੀ ਪ੍ਰਾਪਤੀ ਲਈ ਪਸ਼ੂ ਪਾਲਣ ਵਿਭਾਗ ਵੱਲੋਂ 837 ਸਮਰਪਿਤ ਵੈਟਰਨਰੀ ਟੀਮਾਂ ਫ਼ੀਲਡ ਵਿੱਚ ਤਾਇਨਾਤ ਕੀਤੀਆਂ ਗਈਆਂ ਹਨ।

ਗੁਰਮੀਤ ਸਿੰਘ ਖੁੱਡੀਆਂ ਨੇ ਦੱਸਿਆ ਕਿ ਸੂਬਾ ਸਰਕਾਰ ਨੇ ਲੰਪੀ ਸਕਿੱਨ ਤੋਂ ਬਚਾਅ ਲਈ ਪਸ਼ੂਆਂ ਦੇ ਟੀਕਾਕਰਨ ਵਾਸਤੇ ਤੇਲੰਗਾਨਾ ਸਟੇਟ ਵੈਟਰਨਰੀ ਬਾਇਓਲੌਜੀਕਲ ਐਂਡ ਰਿਸਰਚ ਇੰਸਟੀਚਿਊਟ, ਹੈਦਰਾਬਾਦ ਤੋਂ 78.75 ਲੱਖ ਰੁਪਏ ਦੀ ਲਾਗਤ ਨਾਲ ਗੋਟ ਪੌਕਸ ਵੈਕਸੀਨ ਦੀਆਂ 25 ਲੱਖ ਖੁਰਾਕਾਂ ਖ਼ਰੀਦੀਆਂ ਹਨ। ਉਨ੍ਹਾਂ ਦੱਸਿਆ ਕਿ ਇਸ ਮੁਹਿੰਮ ਤਹਿਤ ਸੂਬੇ ਵਿੱਚ ਸਰਕਾਰੀ ਅਤੇ ਪ੍ਰਾਈਵੇਟ ਗਊਸ਼ਾਲਾਵਾਂ ਵਿੱਚ ਸਾਰੇ ਗਊਵੰਸ਼ ਦਾ ਟੀਕਾਕਰਨ ਮੁਫ਼ਤ ਕੀਤਾ ਜਾ ਰਿਹਾ ਹੈ।



Grand Upholstery Ltd
Sofa Company Originality in Every Piece
Special on Sale
- ਪੁਰਾਣੇ ਸੋਫਿਆਂ ਦੀ ਮੁਰੰਮਤ ਵੀ ਕੀਤੀ ਜਾਂਦੀ ਹੈ
- ਟੌਪ ਕੁਆਲਿਟੀ ਦੀ ਫੋਮ ਅਤੇ ਸਪਰਿੰਗ ਵਰਤੇ ਜਾਂਦੇ ਹਨ।
- ਆਪਣੀ ਮਨਪਸੰਦ ਦਾ ਕੋਈ ਵੀ L Shape ਡਿਜ਼ਾਇਨ ਅਤੇ ਰੰਗ ਚੁਣ ਸਕਦੇ ਹੋ।
- ਕੱਪੜਾ ਚਾੜ ਕੇ ਪੁਰਾਣਾ ਸੋਫਾ, ਡਾਇਨਿੰਗ ਚੇਅਰ ਨੂੰ ਨਵਿਆਂ ਵਰਗਾ ਬਣਾਉਂਦੇ ਹਾਂ

ਆਰਡਰ ਦੇ ਕੇ ਨਵੇਂ ਸੋਫੇ ਦੂਜੇ ਸਟੋਰਾਂ ਨਾਲੋ ਘੱਟ ਕੀਮਤ ਉੱਤੇ ਵੀ ਲੈ ਸਕਦੇ ਹੋ



ਕੁਆਲਿਟੀ ਮੂਹੋਂ ਬੋਲਦੀ ਹੈ
Tel: 905.791.2888 Cell: 647.293.3212
2053 Williams Pkwy, Unit -45, Brampton | Email: grandupholstery@gmail.com



URGENTLY NEED NEW LISTINGS IN BRAMPTON/CALEDON

visit: www.teamjagaujla.com
JAG AUJLA
MCNE, REAL ESTATE BROKER
416-371-7777
e-mail: j.aujla@rogers.com or visit: www.jagaujla.com
CALL JAG AUJLA FOR A QUICK & FREE HOME EVALUATION
www.BramptonTopRealtor.com
RECENTLY LISTED IN YOUR NEIGHBOURHOOD

Sandalwood & Sunny Meadow Blvd

ਬਹੁਤ ਹੀ ਵਧੀਆ ਲੋਕੇਸ਼ਨ ਉਤੇ ਗ੍ਰੀਨਰੀ ਫੇਸਿੰਗ ਬਹੁਤ ਹੀ ਵਧੀਆ ਤਰੀਕੇ ਨਾਲ ਮੇਨਟੇਨ ਕੀਤਾ ਹੋਇਆ ਲਗਭਗ 1305 ਸਕੇਅਰ ਫੁੱਟ (ਐਮਪੈਕ ਅਨੁਸਾਰ) ਦਾ ਕੌਂਡੋ ਸਟੈਕਡ ਟਾਊਨ ਹਾਊਸ, ਸਾਰੇ ਘਰ ਨੂੰ ਨਵਾਂ ਰੰਗ ਕੀਤਾ ਹੋਇਆ, ਸਾਲ 2016-17 ਵਿਚ ਬਣਿਆ ਹੋਇਆ 2 ਬੈਡਰੂਮ + 3 ਵਾਸ਼ਰੂਮ + ਓਪਨ ਟੈਰੇਸਡ ਬਾਲਕਨੀ + 1 ਕਾਰ ਗਰਾਜ ਦੇ ਨਾਲ, ਓਪਨ ਕਾਂਸੈਪਟ ਲਿੰਵਿੰਗ ਲੈਮੀਨੇਟਡ ਫਲੋਰ ਦੇ ਨਾਲ ਲੈਸ ਡਾਇੰਨਿੰਗ ਏਰੀਆ, ਸਟੇਨਲੈਸ ਸਟੀਲ ਨਾਲ ਬਣੀਆਂ ਕਿਚਨ ਕੈਬਿਨੇਟਸ, ਮਾਸਟਰ ਬੈਡਰੂਮ 4 ਪੀਸੀ ਐਨਸੂਟ ਦੇ ਨਾਲ ਸਕੂਲ, ਬੱਸ ਸਟਾਪ ਅਤੇ ਪਾਰਕ ਆਦਿ ਦੇ ਬਿਲਕੁਲ ਨਜ਼ਦੀਕ ਅਤੇ ਹੋਰ ਵੀ ਬਹੁਤ ਕੁੱਝ।

James Potter/Queen/Bonnie Brae

ਬਹੁਤ ਹੀ ਸੋਹਣਾ 3000-3500 ਸਕੇਅਰ ਫੁੱਟ ਦਾ ਡਿਟੈਚਡ ਘਰ, 5+2 ਬੈਡਰੂਮ + ਦਫਤਰ + 5 ਵਾਸ਼ਰੂਮ, ਫਿਨਿਸ਼ਡ ਬੇਸਮੈਂਟ, 2 ਅਲੱਗ ਐਂਟਰੈਂਸ, 9 ਫੁੱਟ ਦੀ ਸੀਲਿੰਗ, ਡਬਲ ਡੋਰ ਐਂਟਰੀ, 5 ਪੀਸੀ ਐਨਸੂਟ ਦੇ ਨਾਲ ਮਾਸਟਰ ਬੈਡਰੂਮ, ਮੇਨ ਫਲੋਰ ਉਤੇ ਲੱਕੜ ਦਾ ਕੰਮ ਕੀਤਾ ਹੋਇਆ, ਬੇਸਮੈਂਟ ਵਿਚ ਲੈਮੀਨੇਟ ਅਤੇ ਸੇਰਾਮਿਕਸ, ਗ੍ਰੇਨਾਈਟ ਕਊਂਟਰ ਟਾਪ ਅਤੇ ਸੈਂਟਰ ਆਈਲੈਂਡ ਦੇ ਨਾਲ ਕਿਚਨ, ਗ੍ਰੀਨਰੀ ਵੱਲ ਫੇਸ ਕਰਦਾ ਹੋਇਆ ਬ੍ਰੇਕਫਾਸਟ ਏਰੀਆ, ਮੇਨ ਫਲੋਰ ਉਤੇ ਲਾਊਂਡਰੀ, ਘਰ ਦੇ ਸਾਹਮਣੇ ਪਾਰਕ ਅਤੇ ਹੋਰ ਵੀ ਬਹੁਤ ਕੁੱਝ।

Caledon Ontario (Dir/Cross St:Mayfield/ Mclaughlin/Tweedhill)

ਬਹੁਤ ਹੀ ਵਧੀਆ ਪ੍ਰਾਈਮ ਲੋਕੇਸ਼ਨ ਉਤੇ ਕਿਰਾਏ ਲਈ ਖਾਲੀ 700-1100 ਸਕੁਏਅਰ ਫੁੱਟ ਦਾ ਸੋਹਣਾ ਜਿਹਾ ਘਰ, ਦੋ ਬੈਡਰੂਮਜ਼ ਦੇ ਨਾਲ ਲੀਗਲ ਬੇਸਮੈਂਟ ਅਪਾਰਟਮੈਂਟ (ਅਲੱਗ ਐਂਟਰੈਂਸ), ਕੰਕਰੀਟ ਦਾ ਡਰਾਇਵ ਵੇਅ, ਓਪਨ ਕਾਂ-ਸੈਪਟ ਦੇ ਨਾਲ ਲਿਵਿੰਗ ਰੂਮ ਨਾਲ ਅਟੈਚਡ ਕਿਚਨ, ਕਿਰਾਏਦਾਰ ਨੂੰ ਕਿਰਾਇਆ ਅਤੇ 30% ਯੂਟੀਲਿਟੀਜ਼ ਦੇਣਾ ਹੋਵੇਗਾਲੀਜ਼ ਘੱਟ ਤੋਂ ਘੱਟ 1 ਸਾਲ ਲਈ ਹੋਵੇਗੀ।

Bramalea/Father Tobin /Fernfor

ਬਹੁਤ ਹੀ ਸ਼ਾਨਦਾਰ 3065 ਸਕੇਅਰ ਫੁੱਟ ਦਾ 3 ਮੰਜਲਾ ਡਿਟੈਚਡ ਘਰ, 5+1 ਬੈਡਰੂਮ + 5 ਵਾ-ਸ਼ਰੂਮ ਅਤੇ 2 ਫੈਮਿਲੀ ਰੂਮ, 2 ਮਾਸਟਰ ਬੈਡਰੂਮ ਅਤੇ ਇਕ ਫਿਨਿਸ਼ਡ ਬੇਸਮੈਂਟ, ਡਬਲ ਡੋਰ ਐਂ-ਟਰੀ, ਓਕ ਸਟੇਅਰਕੇਸ, ਲਿਵਿੰਗ, ਡਾਈਨਿੰਗ ਅਤੇ ਫੈਮਿਲੀ ਰੂਮ ਵਿਚ ਹਾਰਡਵੁੱਡ ਲੱਗਾ ਹੋਇਆ, ਸੋਹਣਾ ਜਿਹਾ ਕਿਚਨ ਸੈਂਟਰ ਆਈਲੈਂਡ ਦੇ ਨਾਲ, ਮਾਸਟਰ ਬੈਡਰੂਮ ਵਿਚ 5 ਪੀਸੀ ਐਨ-ਸੂਟ, ਦੂਜੀ ਮੰਜਲ 'ਤੇ ਲਾਊਂਡਰੀ, ਗਰਾਜ ਤੋਂ ਘਰ ਦੀ ਐਂਟਰੀ, ਬੇਸਮੈਂਟ ਵਿਚ ਸ਼ਾਨਦਾਰ ਥੀਏਟਰ ਦੇ ਨਾਲ, ਸਕੂਲ, ਬੱਸ ਸਟਾਪ ਅਤੇ ਪਾਰਕ ਆਦਿ ਦੇ ਬਿਲਕੁਲ ਨਜ਼ਦੀਕ ਤੇ ਹੋਰ ਵੀ ਬਹੁਤ ਕੁੱਝ।

FREE
- Full MLS services
- Consistent marketing until your property is sold
- Competitive rates, exceptional service & award winning results
- Staging consultation
- Billboard, flyer
- Online Promotion
- Professional pictures & virtual tour
- Social media & radio advertisement
- Open house till sold

RE/MAX REALTY SPECIALISTS INC.
Ph:905-456-3232
JAG AUJLA 416-371-7777
NOT INTENDED TO SOLICIT BUYERS OR SELLERS CURRENTLY UNDER CONTRACT






FRESH & LARGE VARIETY
Bread, Dairy & Eggs
Branded Foods
Fruits & Vegetables
Beverages & Confectionery
Grocery & Staples
Sweet & Samosas

SERVING FROM ALL LOCATIONS IN GTA AREA:

10 Westmore Drive
Etobicoke ON M9V-3Z7
416-740-3262

21 Lacoste Blvd,
Brampton, ON L6P 2K2
905 794-8109

621 Wanless drive, # 122
Brampton ON L7A 0A9
905-495-3336

1075 Ceremonial Drive
Mississauga ON L5R 2Z4
905-502-1600

80 Pertosa Drive
Brampton ON L5X-5E9
905-460-0009

10510 Torbram Road,
Brampton
905-790-0030

2120 North park Drive
Brampton ON L6S 0C9
905-793-1338

10 Pannahill Dr,
Brampton
905 913-8017